




ਸੱਚ ਤੇ ਨਿਡਰ ਆਵਾਜ਼

ਰੋਜ਼ਾਨਾ

# ਲੋਕ ਬਾਣੀ

DAILY LOKBANI JALANDHAR

ਮੁੱਖ ਸੰਪਾਦਕ : ਅਮਨਦੀਪ ਮਹਿਰਾ

ਵੀਰਵਾਰ, 05 ਦਸੰਬਰ 2024

Email:- lokbani08@gmail.com








R. N. I. Punpun/29016/2008 * ਸਾਲ 16 , * ਅੰਕ : 113, * ਮੁੱਲ : 6 ਰੁਪਏ * ਕੁੱਲ ਪੇਜ: 10 * ਦਫਤਰ : 0181–2211009 * M : 99155-94111








## ਜਾਪਾਨ ਦੇ ਇਬਾਰਾਕੀ ਵਿੱਚ ਆਇਆ ਭੂਚਾਲ; ਰਿਕਟਰ ਸਕੇਲ ’ਤੇ ਤੀਬਰਤਾ 4.3

**ਟੋਕੀਓ, ਲੋਕ ਬਾਣੀ-** ਜਾਪਾਨ ਦੇ ਇਬਾਰਾਕੀ ਪ੍ਰੀਫੈਕਚਰ ’ਚ ਅੱਜ ਭੂਚਾਲ ਦੇ ਝਟਕੇ ਮਹਿਸੂਸ ਕੀਤੇ ਗਏ ਜਿਸ ਦੀ ਰਿਕਟਰ ਸਕੇਲ ’ਤੇ ਤੀਬਰਤਾ 4.3 ਮਾਪੀ ਗਈ। ਜਾਪਾਨ ਮੌਸਮ ਵਿਗਿਆਨ ਏਜੰਸੀ (ਜੇਐੱਮਏ) ਅਨੁਸਾਰ ਇਹ ਭੂਚਾਲ ਸਥਾਨਕ ਸਮੇਂ ਅਨੁਸਾਰ ਸ਼ਾਮ 7:11 ਵਜੇ ਆਇਆ ਜਿਸ ਦੀ ਡੂੰਘਾਈ 50 ਕਿਲੋਮੀਟਰ ਸੀ। ਟੋਕੀਓ ਸਿਨਹੂਆ ਨਿਊਜ਼ ਏਜੰਸੀ ਅਨੁਸਾਰ ਟੋਕੀਓ ਦੇ ਕੁਝ ਹਿੱਸਿਆਂ ਵਿੱਚ ਭੂਚਾਲ ਦੇ ਝਟਕੇ ਮਹਿਸੂਸ ਕੀਤੇ ਗਏ। ਭੂਚਾਲ ਦਾ ਕੇਂਦਰ 36.1 ਡਿਗਰੀ ਉੱਤਰ



ਅਤੇ 139.9 ਡਿਗਰੀ ਪੂਰਬ ਵਿਚਕਾਰ ਸੀ। ਇਸ ਤੋਂ ਪਹਿਲਾਂ 26 ਨਵੰਬਰ ਨੂੰ ਜਾਪਾਨ ਦੇ ਇਸ਼ੀਕਾਵਾ ’ਚ 6.4 ਤੀਬਰਤਾ ਵਾਲਾ ਭੂਚਾਲ ਆਇਆ ਸੀ। ਇਹ ਭੂਚਾਲ ਰਾਤ 10:47 ਵਜੇ ਆਇਆ ਸੀ।

## ਦੇਵੇਂਦਰ ਫੜਨਵੀਸ ਭਲਕੇ ਲੈਣਗੇ ਮਹਾਰਾਸ਼ਟਰ ਦੇ ਮੁੱਖ ਮੰਤਰੀ ਵਜੋਂ ਹਲਫ਼

**ਮੁੰਬਈ,** -ਭਾਜਪਾ ਆਗੂ ਅਤੇ ਮਹਾਰਾਸ਼ਟਰ ਦੇ ਮੌਜੂਦਾ ਉਪ ਮੁੱਖ ਮੰਤਰੀ ਦੇਵੇਂਦਰ ਫੜਨਵੀਸ ਸੂਬੇ ਦੇ ਨਵੇਂ ਮੁੱਖ ਮੰਤਰੀ ਹੋਣਗੇ। ਉਹ ਬੀਤੇ ਮਹੀਨੇ ਹੋਈਆਂ ਸੂਬੇ ਦੀਆਂ ਵਧਾਨ ਸਭਾ ਚੋਣਾਂ ਵਿਚ ਜੇਤੂ ਰਹੇ ਹਾਕਮ ‘ਮਾਹਯੁਤੀ’ ਗੱਠਜੋੜ ਦੇ ਮੁੱਖ ਮੰਤਰੀ ਵਜੋਂ ਵੀਰਵਾਰ ਨੂੰ ਇਥੇ ਅਹੁਦੇ ਦਾ ਹਲਫ਼ ਲੈਣਗੇ। ਇਸ ਤੋਂ ਪਹਿਲਾਂ ਅੱਜ ਉਨ੍ਹਾਂ ਨੂੰ ਭਾਰਤੀ ਜਨਤਾ ਪਾਰਟੀ ਵਿਧਾਇਕ ਦਲ ਦਾ ਆਗੂ ਚੁਣ ਲਿਆ ਗਿਆ। ਭਾਜਪਾ ਵਿਧਾਇਕ ਦਲ ਦੀ ਹੋਈ ਮੀਟਿੰਗ ਵਿਚ



ਫੜਨਵੀਸ ਨੂੰ ਆਗੂ ਚੁਣ ਲਏ ਜਾਣ ਤੋਂ ਬਾਅਦ ਮਹਾਯੁਤੀ ਨੇ ਇਕ ਵਫ਼ਦ ਨੇ ਇਥੇ ਸਥਿਤ ਰਾਜ ਭਵਨ ਵਿਖੇ ਮਹਾਰਾਸ਼ਟਰ ਦੇ ਰਾਜਪਾਲ ਸੀਪੀ ਰਾਧਾਕ੍ਰਿਸ਼ਨਨ ਨਾਲ ਮੁਲਾਕਾਤ ਕਰ ਕੇ ਸਰਕਾਰ ਬਣਾਉਣ ਦਾ ਦਾਅਵਾ ਪੇਸ਼ ਕੀਤਾ।

## ਹਿਮਾਚਲ ਪ੍ਰਦੇਸ਼ ਵਿੱਚ ਸਰਦੀਆਂ ਵਿੱਚ ਘੱਟ ਠੰਢ ਪੈਣ ਦੀ ਪੇਸ਼ੀਨਗੋਈ: ਮੌਸਮ ਵਿਭਾਗ


ਸ਼ਿਮਲਾ, - ਮੌਸਮ ਵਿਭਾਗ ਨੇ ਕਿਹਾ ਹੈ ਕਿ ਇਸ ਸਾਲ ਸਰਦੀਆਂ ਵਿਚ ਹਿਮਾਚਲ ਪ੍ਰਦੇਸ਼ ਵਿਚ ਆਮ ਨਾਲੋਂ ਘੱਟ ਠੰਢ ਪਵੇਗੀ। ਇਸ ਵਾਰ ਨਵੰਬਰ ਵਿਚ ਮੀਂਹ ਨਹੀਂ ਪਏ ਜਿਸ ਦਾ ਪਿਛਲੇ 100 ਸਾਲਾਂ ਦਾ ਰਿਕਾਰਡ ਟੁੱਟ ਗਿਆ ਹੈ। ਸਥਾਨਕ ਮੌਸਮ ਵਿਭਾਗ ਨੇ ਇਹ ਵੀ ਕਿਹਾ ਕਿ ਦਸੰਬਰ ਤੋਂ ਫਰਵਰੀ ਦੇ ਠੰਢ ਦੇ ਭਰਪੂਰ ਦਿਨਾਂ ਦੌਰਾਨ ਆਮ ਨਾਲੋਂ ਦਸ ਤੋਂ ਵੀਹ ਫੀਸਦੀ ਘੱਟ ਠੰਢ ਪਵੇਗੀ।ਮੌਸਮ ਦਫ਼ਤਰ ਨੇ ਕਿਹਾ ਕਿ ਮੱਧ-ਪੂਰਬੀ



ਹਿਮਾਚਲ ਪ੍ਰਦੇਸ਼ ਦੇ ਸ਼ਿਮਲਾ, ਸੋਲਨ, ਸਿਰਮੌਰ, ਬਿਲਾਸਪੁਰ, ਮੰਡੀ ਅਤੇ ਕੁੱਲੂ ਜ਼ਿਲ੍ਹਿਆਂ ਵਿੱਚ ਤਾਪਮਾਨ ਆਮ ਨਾਲੋਂ ਵੱਧ ਰਹਿਣ ਦੀ ਸੰਭਾਵਨਾ ਹੈ।

## ਅੱਤਵਾਦੀਆਂ ਨੇ ਫੌਜ ਦੇ ਜਵਾਨ ਤੇ ਕੀਤੀ ਗੋਲੀਬਾਰੀ, ਕੋਈ ਜਵਾਨ ਗੰਭੀਰ ਜ਼ਖਮੀ

**ਜੰਮੂ-ਕਸ਼ਮੀਰ, ਲੋਕ ਬਾਣੀ-** ਪੁਲਵਾਮਾ ਚ ਅਵੰਤੀਪੋਰਾ ਦੇ ਤਰਾਲ ਇਲਾਕੇ ਚ ਅੱਤਵਾਦੀਆਂ ਨੇ ਫੌਜ ਦੇ ਜਵਾਨ ਤੇ ਗੋਲੀਬਾਰੀ ਕੀਤੀ। ਜਵਾਨ ਛੁੱਟੀ ਤੇ ਸੀ ਅਤੇ ਘਰ ਆ ਗਿਆ ਸੀ। ਉਸ ਦੀ ਲੱਤ ਚ ਗੋਲੀ ਲੱਗੀ ਅਤੇ ਉਸ ਨੂੰ ਤੁਰੰਤ ਇਲਾਜ ਲਈ ਹਸਪਤਾਲ



ਲਿਜਾਇਆ ਗਿਆ। ਉਸ ਦੀ ਹਾਲਤ ਗੰਭੀਰ ਦੱਸੀ ਜਾ ਰਹੀ ਹੈ। ਸੁਰੱਖਿਆ ਬਲਾਂ ਨੇ ਖੇਤਰ ਨੂੰ ਘੇਰ ਲਿਆ ਹੈ।

## ਕੌਮੀ ਰਾਜਧਾਨੀ ਵਿੱਚ ਪੰਜਾਹ ਦਿਨਾਂ ਬਾਅਦ ਮੌਸਮ ਹੋਇਆ ਸਾਫ

**ਨਵੀਂ ਦਿੱਲੀ, ਲੋਕ ਬਾਣੀ-** ਕੌਮੀ ਰਾਜਧਾਨੀ ਦੇ ਲੋਕਾਂ ਨੇ ਅੱਜ 50 ਦਿਨਾਂ ਦੇ ਵਕਫ਼ੇ ਤੋਂ ਬਾਅਦ ਕੁਝ ਹੱਦ ਤਕ ਸਵੱਛ ਹਵਾ ਦਾ ਆਨੰਦ ਮਾਣਿਆ। ਦਿੱਲੀ ਵਿਚ ਹਵਾ ਪ੍ਰਦੂਸ਼ਣ ਅੱਜ ਬਹੁਤ ਖਰਾਬ ਵਰਗ ਤੋਂ ਬਾਹਰ ਆ ਗਿਆ ਹੈ। ਇੱਥੇ 24 ਘੰਟੇ ਦਾ ਔਸਤ ਏਅਰ ਕੁਆਲਿਟੀ ਇੰਡੈਕਸ (ਏਕਿਊਆਈ) ਸ਼ਾਮ ਚਾਰ ਵਜੇ



178 ਦਰਜ ਕੀਤਾ ਗਿਆ ਜੋ ਇਕ ਦਿਨ ਪਹਿਲਾਂ 268 ਸੀ। ਇਹ ਵੀ ਦੱਸਣਾ ਬਣਦਾ ਹੈ ਕਿ ਪਿਛਲੇ ਹਫਤੇ ਕੌਮੀ ਰਾਜਧਾਨੀ ਵਿਚ ਕਈ ਥਾਵਾਂ ’ਤੇ ਪ੍ਰਦੂਸ਼ਣ ਦਾ ਪੱਧਰ ਚਾਰ ਤੋਂ ਪੰਜ ਸੌ ਦਰਮਿਆਨ ਹੋ ਗਿਆ ਸੀ। ਜ਼ਿਕਰਯੋਗ ਹੈ ਕਿ ਕੌਮੀ ਰਾਜਧਾਨੀ ਦੇ ਵਾਸੀਆਂ ਨੂੰ 15 ਅਕਤੂਬਰ ਨੂੰ ਵੀ ਪ੍ਰਦੂਸ਼ਣ ਤੋਂ ਰਾਹਤ ਮਿਲੀ ਸੀ, ਉਸ ਵੇਲੇ ਏਕਿਊਆਈ 198 ਦਰਜ ਕੀਤਾ ਗਿਆ ਸੀ। ਮੌਸਮ ਵਿਭਾਗ ਦੇ ਇੱਕ ਅਧਿਕਾਰੀ ਨੇ ਕਿਹਾ ਕਿ ਬੁੱਧਵਾਰ ਨੂੰ ਸ਼ਹਿਰ ਵਿੱਚ ਤੇਜ਼ ਹਵਾਵਾਂ ਚੱਲਣ ਚੱਲੀਆਂ ਤੇ 7 ਦਸੰਬਰ ਤੱਕ ਹਵਾਵਾਂ ਚੱਲਣਗੀਆਂ

## ਸਜ਼ਾ ਭੁਗਤ ਰਹੇ ਸੁਖਬੀਰ ਬਾਦਲ ਤੇ ਕਿਉਂ ਚੱਲੀ ਗੋਲੀ ??

ਅੰਮ੍ਰਿਤਸਰ, ਲੋਕ ਬਾਣੀ

ਪੰਜਾਬ ਤੋਂ ਵੱਡੀ ਖਬਰ ਆ ਰਹੀ ਹੈ ਜਿਥੇ ਅੰਮ੍ਰਿਤਸਰ ‘ਚ ਸ੍ਰੀ ਹਰਿਮੰਦਰ ਸਾਹਿਬ ਵਿਖੇ ਧਾਰਮਿਕ ਸਜ਼ਾ ਭੁਗਤ ਰਹੇ ਸ਼੍ਰੋਮਣੀ ਅਕਾਲੀ ਦਲ ਦੇ ਆਗੂ ਸੁਖਬੀਰ ਸਿੰਘ ਬਾਦਲ ‘ਤੇ ਗੋਲੀ ਚਲਾਉਣ ਦੀ ਘਟਨਾ ਵਾਪਰੀ ਹੈ।ਇਸ ਹਮਲੇ ‘ਚ ਉਹ ਵਾਲ ਵਾਲ ਬਚ ਗਏ ਹਨ।

ਇਸ ਹਮਲੇ ਬਾਰੇ ਏਡੀਸੀਪੀ ਹਰਪਾਲ ਸਿੰਘ ਦਾ ਬਿਆਨ ਸਾਹਮਣੇ ਆਇਆ



ਹੈ।ਉਨ੍ਹਾਂ ਦੱਸਿਆ ਕਿ ਇੱਥੇ ਪੂਰੀ ਸੁਰੱਖਿਆ ਦੇ ਇੰਤਜ਼ਾਮ ਸਨ। ਉਨ੍ਹਾਂ ਕਿਹਾ ਕਿ ਸੁਖਬੀਰ ਬਾਦਲ ਨੂੰ ਸਹੀ ਢੰਗ ਨਾਲ ਸੁਰੱਖਿਆ ਮੁਹੱਈਆ ਕਰਵਾਈ ਗਈ ਸੀ।

## ਡੱਲੇਵਾਲ ਦਾ ਹਾਲ ਜਾਨਣ ਲਈ ਢਾਬੀ ਬਾਰਡਰ ਪੁੱਜੇ ਏਡੀਸੀ ਸ਼ਹਿਰੀ ਵਿਕਾਸ

**ਪਾਤੜਾਂ, ਲੋਕ ਬਾਣੀ-** ਕੇਂਦਰ ਸਰਕਾਰ ਵੱਲੋਂ ਮੰਨੀਆਂ ਗਈਆਂ ਕਿਸਾਨਾਂ ਦੀਆਂ ਮੰਗਾਂ ਨੂੰ ਲਾਗੂ ਕਰਵਾਉਣ ਲਈ ਢਾਬੀ ਗੁਜਰਾਂ ਬਾਰਡਰ ’ਤੇ ਬੀਤੇ 9 ਦਿਨਾਂ ਤੋਂ ਮਰਨ ਵਰਤ ਉਤੇ ਬੈਠੇ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਦੀ ਮੈਡੀਕਲ ਜਾਂਚ ਕਰਨ ਉਪਰੰਤ ਡਾਕਟਰ ਸਿਮਨ ਨੇ ਦੱਸਿਆ ਹੈ ਕਿ ਉਨ੍ਹਾਂ ਦਾ ਬਲੱਡ ਪ੍ਰੈਸ਼ਰ 114/81, ਪਲਸ 92, ਤਾਪਮਾਨ 98, ਸ਼ੂਗਰ 121 ਹੈ, ਪਰ ਉਨ੍ਹਾਂ ਦੀ ਸਿਹਤ ਲਗਾਤਾਰ ਕਮਜ਼ੋਰ ਹੋ ਰਹੀ ਹੈ।ਅੱਜ ਪ੍ਰਸ਼ਾਸਨਿਕ ਅਧਿਕਾਰੀ ਏਡੀਸੀ ਸ਼ਹਿਰੀ ਵਿਕਾਸ ਰਵਨੀਤ ਕੌਰ ਸੇਖੋਂ ਨੇ ਬਾਰਡਰ ਉਤੇ ਪਹੁੰਚ ਕੇ ਕਿਸਾਨ



ਆਗੂ ਦਾ ਹਾਲ ਚਾਲ ਪੁੱਛਿਆ। ਮੌਕੇ ’ਤੇ ਮੌਜੂਦ ਕਿਸਾਨ ਆਗੂਆਂ ਨੇ ਦੱਸਿਆ ਹੈ ਕਿ ਡੱਲੇਵਾਲ ਨੇ ਪ੍ਰਸ਼ਾਸਨਿਕ ਅਧਿਕਾਰੀ ਨਾਲ ਬੁਲੰਦ ਹੌਸਲੇ ਨਾਲ ਗੱਲਬਾਤ ਕੀਤੀ ਹੈ। ਕਿਸਾਨ ਆਗੂ ਦੀ ਹੋਈ ਵਾਰਤਾਲਾਪ ਬਾਰੇ ਜਾਨਣ ਲਈ ਏਡੀਸੀ ਰਵਨੀਤ ਕੌਰ ਸੇਖੋਂ ਨੂੰ ਵਾਰ-ਵਾਰ ਫੋਨ ਕੀਤੇ ਜਾਣ ਦੇ ਬਾਵਜੂਦ ਉਨ੍ਹਾਂ ਫੋਨ ਨਹੀਂ ਚੁੱਕਿਆ।

## ਪ੍ਰਾਇਮਰੀ ਸਕੂਲ ਵਿੱਚ ਡੂਮਣੇ ਦੀਆਂ ਮੱਖੀਆਂ ਦਾ ਹਮਲਾ, ਅਧਿਆਪਕਾ ਸਮੇਤ 5 ਬੱਚੇ ਗੰਭੀਰ

**ਸਮਰਾਲਾ ਲੋਕ ਬਾਣੀ** -ਨਜ਼ਦੀਕੀ ਪਿੰਡ ਖੀਰਨੀਆਂ ਦੇ ਪ੍ਰਾਇਮਰੀ ਸਕੂਲ ਵਿਚ ਡੂਮਣੇ ਦੀਆਂ ਮੱਖੀਆਂ ਨੇ ਸਕੂਲ ਦੇ ਵਿਦਿਆਰਥੀਆਂ ਤੇ ਹਮਲਾ ਕਰ ਦਿੱਤਾ, ਜਿਸ ਕਾਰਨ 5 ਬੱਚਿਆਂ ਅਤੇ ਇਕ ਅਧਿਆਪਕਾ ਨੂੰ ਗੰਭੀਰ ਰੂਪ ਵਿਚ ਹਸਪਤਾਲ ਦਾਖਲ ਕਰਵਾਉਣਾ ਪਿਆ। ਜਾਣਕਾਰੀ ਅਨੁਸਾਰ ਜਦੋਂ ਇਸ ਪ੍ਰਾਇਮਰੀ ਸਕੂਲ ਵਿਚ ਪੜ੍ਹਦੇ ਵਿਦਿਆਰਥੀ ਦੁਪਹਿਰ ਦਾ ਖਾਣਾ ਖਾਣ ਤੋਂ ਬਾਅਦ ਆਪਣੀਆਂ-ਆਪਣੀਆਂ ਕਲਾਸਾਂ ਵਿਚ ਜਾ ਰਹੇ ਸਨ



ਤਾਂ ਇਕਦਮ ਡੂਮਣੇ ਮਖਿਆਲ ਦੀਆਂ ਮੱਖੀਆਂ ਨੇ ਇਨ੍ਹਾਂ ਬੱਚਿਆਂ ਤੇ ਹਮਲਾ ਕਰ ਦਿੱਤਾ। ਕੌਸ਼ਲ ਹਸਪਤਾਲ ਦੀ ਡਾਕਟਰ ਪਰਮਜੀਤ ਕੌਰ ਨੇ ਦੱਸਿਆ ਕਿ ਤਿੰਨ ਬੱਚੇ ਡੂਮਣੇ ਦੀਆਂ ਮੱਖੀਆਂ ਦੇ ਡੰਗਣ ਕਾਰਨ ਬੇਹੋਸ਼ੀ ਦੀ ਹਾਲਤ ਵਿਚ ਸਨ।







ਪੱਤਰਕਾਰਾਂ ਲਈ ਸੁਨਹਿਰਾ ਮੌਕਾ

ਪੰਜਾਬ ਦੇ ਹਰ ਜਿਲੇ ਤੋਂ ਰੋਜ਼ਾਨਾ ਲੋਕ ਬਾਣੀ ਅਖਬਾਰ ਲਈ ਪੱਤਰਕਾਰਾ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫਤਰ

ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਂਕ ਜਲੰਧਰ 9915594111

# ਜੱਥੇਦਾਰ ਸ਼੍ਰੀ ਅਕਾਲ ਤਖਤ ਸਾਹਿਬ ਗਿਆਨੀ ਰਘੁਬੀਰ ਸਿੰਘ ਤੇ ਤੱਖਤ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਸੁਖਬੀਰ ਸਿੰਘ ਬਾਦਲ ਤੇ ਹਮਲੇ ਦੀ ਕੀਤੀ

ਅੰਮ੍ਰਿਤਸਰ(ਲੋਕ ਬਾਣੀ)ਅੱਜ ਸ਼੍ਰੀ ਘੰਟਾ ਘਰ ਦੇ ਬਾਹਰ ਸ਼੍ਰੋਮਣੀ ਅਕਾਲੀ ਦਲ ਦੇ ਸਾਬਕਾ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਜੋ ਸੇਵਾ ਕੀਤੀ ਜਾ ਰਹੀ ਸੀ ਤੇ ਇੱਕ ਗਰਮ ਖਿਆਲੀ ਦਲ ਖਾਲਸਾ ਦੇ ਆਗੂ ਨਰਾਇਣ ਸਿੰਘ ਚੋੜਾ ਵੱਲੋਂ ਗੋਲੀ ਮਾਰਨ ਦੀ ਕੋਸ਼ਿਸ਼ ਕੀਤੀ ਗਈ। ਚਾਹੇ ਗੋਲੀ ਨਹੀਂ ਲੱਗੀ ਹਾਲਾਤ ਵਿਗਾੜਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ ਜਿਸ ਦੇ ਚਲਦੇ ਸਮਝਦੇ ਅਕਾਲ ਤਖਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਅਤੇ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਇਸ ਨੂੰ ਮੰਦਭਾਗਾ ਦੱਸਿਆ ਕਿਹਾ ਕਿ ਅੱਜ ਸੱਚਖੰਡ ਵਿੱਚ ਇੱਕ ਬਹੁਤ ਹੀ ਮੰਦਭਾਗੀ ਘਟਨਾ ਵਾਪਰੀ ਹੈ ਉਣਾ ਕਿਹਾ ਕਿ 2 ਦਿਸੰਬਰ 2024 ਨੂੰ ਸ਼੍ਰੀ ਅਕਾਲ ਤਖਤ ਸਾਹਿਬ ਜੀ ਵਿਖੇ ਪੰਜ ਸਿੰਘ ਸਾਹਿਬਾਨਾਂ ਵੱਲੋਂ ਸਾਥੀਆਂ ਦੇ ਸਮੇਤ ਸੇਵਾ ਲਾਈ ਗਈ ਉਸ ਸੇਵਾ ਵਿੱਚ ਘੰਟਾਘਰ ਡਿਊੜੀ ਦੇ ਬਾਹਰ ਵਾਰ ਇੱਕ ਘੰਟਾ ਬੈਠਣ ਦੀ ਸੇਵਾ ਸੇਵਾਦਾਰ ਵਾਲਾ ਚੋਲਾ ਪਾ ਕੇ ਹੱਥ ਵਿੱਚ ਬਰਛਾ ਫੜ ਕੇ ਉੱਥੇ ਡਿਊਟੀ ਕਰਨ ਜਿਹੜੀ ਸੇਵਾ ਸੀ ਉਹ ਲਾਈ ਗਈ ਪਰ ਅੱਜ ਜਦ ਉਹ ਸੇਵਾ ਕਰ ਰਿਹਾ ਸੀ ਤਨਖਾਹ ਲੱਗੀ ਹੋਈ ਸੇਵਾ ਕਰ ਰਿਹਾ ਸੀ ਇਹ ਸੇਵਾ ਦੌਰਾਨ ਉਹਨਾਂ ਦੇ ਉੱਤੇ ਜਾਨਲੇਵਾ ਹਮਲਾ ਹੋਇਆ ਮੌਕੇ ਤੇ ਸੇਵਾਦਾਰਾਂ ਵੱਲੋਂ ਸਿਕਿਉਰਟੀ ਵੱਲੋਂ ਮੁਸਤੈਦੀ ਵਰਤਦਿਆਂ ਹੋਇਆਂ ਉਹ ਗੋਲੀ ਉਹਨਾਂ ਤੇ ਨਹੀਂ ਲੱਗੇ ਪਰ ਉਹ ਗੋਲੀ

ਜਿਸ ਚਰਨ ਕੁੰਡ ਦੇ ਵਿੱਚ ਸੰਗਤ ਆਪਣੇ ਚਰਨ ਧੋ ਕੇ ਪਰਿਕਰਮਾ ਦੇ ਵਿੱਚ ਪ੍ਰਵੇਸ਼ ਕਰਦੀ ਹੈ ਉੱਥੇ ਜਾ ਕੇ ਉਹ ਗੋਲੀ ਲੱਗੀ ਹੈ। ਇਹ ਸੁਖਬੀਰ ਸਿੰਘ ਬਾਦਲ ਤੇ ਹਮਲਾ ਨਹੀਂ ਹ ਇਹ ਹਮਲਾ ਸ਼੍ਰੀ ਅਕਾਲ ਤਖਤ ਸਾਹਿਬ ਜੀ ਵੱਲੋਂ ਲੱਗੀ ਹੋਈ ਸੇਵਾ ਦੌਰਾਨ ਘੰਟਾ ਘਰ ਤੋਂ ਬਾਹਰ ਵਾਰ ਡਿਉਢੀ ਦੇ ਬਾਹਰ ਵਾਰ ਸੇਵਾ ਕਰ ਰਹੇ ਕਰ ਰਹੇ ਉਸ ਸੇਵਾਦਾਰ ਤੇ ਲੱਗੀ ਹ ਜੋ ਸੇਵਾਦਾਰ ਦਾ ਨੀਲਾ ਚੋਲਾ ਪਾ ਕੇ ਹੱਥ ਚ ਬਰਛਾ ਫੜ ਕੇ ਤੇ ਇਕੱਠਾ ਕਰਦੇ ਬਾਹਰ ਸੇਵਾ ਕਰ ਰਿਹਾ ਸੀ ਇਸਕੀ ਹੋਰ ਨਿੰਦਾ ਕਰਦੇ ਆਂ ਜਿੰਨੇ ਵੀ ਨਿੰਦਾ ਕੀਤੀ ਜਾਵੇ ਉਨੀ ਘੱਟ ਹੈ ਔਰ ਸਰਕਾਰ ਨੂੰ ਤਾਲਨਾ ਕਰਦਿਆਂ ਕਿ ਇਹਦੇ ਪਿੱਛੇ ਕੌਣ ਹੈ ਕਿ ਸਾਰਾ ਵਰਤਾਰਾ ਕਿਉਂ ਵਾਪਰਿਆ ਉਹਦੀ ਮੁਸਤੈਦੀ ਦੇ ਨਾਲ ਬਰੀਕੀ ਦੇ ਨਾਲ ਜਿਹੜੀ ਜਾਂਚ ਹੈ ਉਹ ਜਰੂਰ ਕੀਤੀ ਜਾਏ ।



ਸਵੇਰੇ ਹੀ ਇਸ ਗੱਲ ਦੀ ਜਾਣਕਾਰੀ ਮਿਲੀ ਹੈ ਕਿ ਕਿਸੇ ਵਿਅਕਤੀ ਨੇ ਗੋਲੀ ਚਲਾਉਣ ਦਾ ਯਤਨ ਕੀਤਾ ਜੋ ਬੇਹੱਦ ਮੰਦਭਾਗਾ ਵੀ ਹੈ ਦੁੱਖਦਾਈ ਵੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ ਸਿੱਖਾਂ ਦਾ ਮੁਕੱਦਸ ਪਾਵਨ ਪਵਿੱਤਰ ਅਸਥਾਨ ਹ। ਜਿੱਥੇ ਜਿਹੜਾ ਵੀ ਆਉਂਦਾ ਉਹ ਆਪਣੇ ਆਪ ਨੂੰ ਭੈ ਮੁਕਤ ਗੁਰੂ ਅੱਗੇ ਸਮਰਪਤ ਹੋਣ ਦੀ ਜਿਹੜੀ ਭਾਵਨਾ ਲੈ ਕੇ ਆਉਂਦਾ ਇਸ ਕਰਕੇ ਸ੍ਰੀ ਦਰਬਾਰ ਸਾਹਿਬ ਵਿਖੇ ਅਜਿਹੀ ਘਟਨਾ ਦਾ ਵਾਪਰਨਾ ਜਿਹੜਾ ਵੀ ਦਿੰਦਾ ਔਰ ਮੰਦਭਾਗਾ ਵੀ ਪਰਸੋਂ ਜੋ ਫੈਸਲਾ ਸ੍ਰੀ ਅਕਾਲ ਤਖਤ ਸਾਹਿਬ ਤੋਂ ਹੋਇਆ ਫਸੀਲ ਤੋਂ ਹੀ ਇਸ ਗੱਲ ਨੂੰ ਦੁਹਰਾਇਆ ਗਿਆ ਸੀ ਸਿੰਘ ਸਾਹਿਬਾਨ ਵੱਲੋਂ ਕਿ ਇਹ ਫੈਸਲਾ ਬਿਲਕੁਲ ਬਿਨਾਂ ਕਿਸੇ ਦਬਾਅ ਬਿਨਾਂ ਕਿਸੇ ਡਰ ਬਿਨਾਂ ਕਿਸੇ ਭੈ ਤੋਂ ਸਿਰਫ ਗੁਰੂ ਦੇ ਭੈ ਚ ਰਹਿ ਕੇ ਅਸੀਂ ਕਰ ਰਹੇ ਔਰ ਹੋਇਆ ਕੱਲ ਵੀ ਅਸੀਂ ਸਿੰਘ ਸਾਹਿਬਾਨ ਸ੍ਰੀ ਅਕਾਲ ਤਖਤ ਸਾਹਿਬ ਤੇ ਹਾਜ਼ਰ ਹੋਏ ਕੜਾ ਪ੍ਰਸ਼ਾਦ ਦੀ ਦੇਖ ਸਹਿਤ ਔਰ ਉੱਥੇ ਇਹੋ ਅਰਦਾਸ ਕੀਤੀ ਕਿ ਹੇ ਧੰਨ ਗੁਰੂ ਹਰਗੋਬਿੰਦ ਸਾਹਿਬ ਸੱਚੇ ਪਾਤਸ਼ਾਹ ਜੋ ਫੈਸਲਾ ਕੀਤਾ ਸਾਡੀ ਰਜ਼ਾ ਚ ਕੀਤਾ ਸਾਡੀ ਹਜ਼ੂਰੀ ਚ ਕੀਤਾ ਇਸ ਕਰਕੇ ਜੇ ਕੋਈ ਇਸ ਫੈਸਲੇ ਨੂੰ ਸਲਾਹੁੰਦਾ ਤਾ ਤੇਰੇ ਤਖਤ ਦੀ ਸਿਫਤ ਹੈ ਤੇ ਜੇ ਕੋਈ ਇਸ ਫੈਸਲੇ ਨੂੰ ਨਾ ਪਸੰਦ ਕਰਦਾ ਕੋਈ ਮੰਦਾ ਬੋਲਦਾ ਤੇ ਉਹ ਵੀ ਤੇਰੇ ਤਖਤ ਮ ਬਹੁਤ ਸਾਰੀਆਂ ਏਜੰਸੀਆਂ ਐਸੀਆਂ ਨੇ ਜਿਨਾਂ ਨੂੰ ਫੈਸਲੇ ਤੇ ਚੰਗੇ ਮਾੜੇ ਹੋਣ ਨਾਲ ਕੋਈ ਮਤਲਬ ਨਹੀਂ ਹੈ ਉਹਨਾਂ ਨੂੰ ਜਿਹੜੇ ਦਰਦ ਹ ਉਹਨਾਂ ਨੂੰ ਜਿਹੜੀ ਪੀੜਾ ਉਹ ਸਾਡੀ ਸੰਕਲਪ ਤੋਂ ਜੋ ਗੁਰੂ ਹਰਗੋਬਿੰਦ ਸਾਹਿਬ ਸੱਚੇ ਪਾਤਸ਼ਾਹ ਨੇ ਸਾਨੂੰ ਬਖਸ਼ਿਆ ਕਿ ਇਥ ਕੋਈ ਵੱਡੇ ਤੋਂ ਵੱਡਾ ਕਿਉਂ ਨਾ ਹੋਵੇ ਉਹਦੀ ਜਵਾਬਦੇਹੀ ਤੈ ਕੀਤੀ ਜਾਂਦੀ ਚਾਹੇ ਉਹ ਸ਼ੇਰੇ ਪੰਜਾਬ ਮਹਾਰਾਜਾ ਰਣਜੀਤ ਸਿੰਘ ਸੀ ਚਾਹੇ ਉਹ ਰਾਸ਼ਟਰਪਤੀ ਗਿਆਨੀ ਜੈਲ ਸਿੰਘ ਸੀ ਦਿਆਲ ਸਿੰਘ ਸੀ ਚਾਹੇ ਕੇਂਦਰੀ ਗ੍ਰਿਹ ਮੰਤਰੀ ਬੂਟਾ ਸਿੰਘ ਸੀ ਚਾਹੇ ਮੁੱਖ ਮੰਤਰੀ ਸਰਦਾਰ ਸੁਰਜੀਤ ਸਿੰਘ ਬਰਨਾਲਾ ਸੀ ਇੱਥੇ ਜਵਾਬਦੇਹੀ ਤੈਅ ਹੁੰਦੀ ਕਿ ਸਾਡਾ ਸੰਕਲਪ ਹੈ ਔਰ ਇੱਕ ਐਸੀ ਸੋਚ ਹੈ ਜਿਨਾਂ ਨੂੰ ਸਾਡੇ ਇਸ ਸੰਕਲਪ ਤੋਂ ਨਫਰਤ ਹੈ ਕਿਉਂਕਿ ਇਹ ਸੰਕਲਪ ਗੁਰੂ ਹਰਗੋਬਿੰਦ ਸਾਹਿਬ ਸੱਚੇ ਪਾਤਸ਼ਾਹ ਨੇ ਕੇਵਲ ਤੇ ਕੇਵਲ ਕੇਵਲ ਤੇ ਕੇਵਲ ਗੁਰੂ ਖਾਲਸਾ ਪੰਥ ਤੋਂ ਬਖਸ਼ਿਆ ਸਿੱਖਾਂ ਨੂੰ ਬਖਸ਼ਿਆ ਔਰ ਇਸ ਸੰਕਲਪ ਉਥੇ ਵੀ ਹਮੇਸ਼ਾ ਕਾਇਮ ਰਹੇਗਾ ਗੁਰੂ ਪਾਤਸ਼ਾਹ ਦਾ ਤਖਤ ਹੈ ਲੋੜ ਹੀ ਜਦੋਂ ਪਾਤਸ਼ਾਹ ਦੇ ਤਖਤ ਤੇ ਜਿਹੜੇ ਫੈਸਲੇ ਗੁਰੂ ਦੇ ਭੈ ਚ ਹੁੰਦੇ ਨੇ ਜਿਹੜੇ ਗੁਰੂ ਦੇ ਭੈ ਤੋਂ ਬਿਨਾਂ ਹੁੰਦੇ ਨੇ ਉਹ ਫੈਸਲੇ ਕਰਨ ਵਾਲੇ ਵੀ ਡਿੱਗ ਪੈਂਦੇ ਨੇ ਤੇ ਫੈਸਲੇ ਵੀ ਡਿੱਗ ਪੈਂਦੇ ਨੇ ।

# ਸੁਖਬੀਰ ਬਾਦਲ ਤੇ ਹਮਲਾ ਕਰਨ ਵਾਲੇ ਨੂੰ ਪੁਲਿਸ ਨੇ ਕੀਤਾ ਗ੍ਰਿਫਤਾਰ



(ਲੋਕ ਬਾਣੀ) ਦੱਸ -ਦਈਏ ਕਿ ਸੁਖਬੀਰ ਬਾਦਲ ਤੇ ਹਮਲਾ ਕਰਨ ਵਾਲੇ ਨੂੰ ਪੁਲਿਸ ਨੇ ਗ੍ਰਿਫਤਾਰ ਕਰ ਲਿਆ ਹੈ । ਉਸ ਹਮਲਾਵਰ ਦੀ ਪਛਾਨ ਨਰਾਇਣ ਸਿੰਘ ਚੌੜਾ ਵੱਜੋਂ ਹੋਈ ਹੈ । ਇਸ ਤੋਂ ਪਹਿਲਾਂ ਨਰਾਇਣ ਸਿੰਘ ਚੌੜਾ ਕੋਈ ਵੱਡੀ ਵਾਰਦਾਤ ਕਰਦਾ ਪੁਲਿਸ ਕਾਂਸਟੇਬਲ ਨੇ ਉਸਨੂੰ ਦੇਖਦੇ ਹੀ ਗ੍ਰਿਫਤਾਰ ਕਰ ਲਿਆ ।

ਦੱਸਿਆ ਜਾ ਰਿਹਾ ਹੈ ਕਿ ਨਾਰਾਇਣ ਸਿੰਘ ਸਾਬਕਾ ਮੁੱਖ ਮੰਤਰੀ ਬੇਅੰਤ ਸਿੰਘ ਕਤਲ ਮਾਮਲੇ ਵਿੱਚ ਸ਼ਾਮਲ ਸੀ। ਜੋ 5 ਸਾਲ ਬਾਅਦ ਅਗਸਤ 2018 ਨੂੰ ਜੇਲ੍ਹ ਤੋਂ ਬਾਹਰ ਆਇਆ ਸੀ।

# ਹਮਲੇ ਤੋਂ ਬਾਅਦ ਸੁਖਬੀਰ ਸਿੰਘ ਬਾਦਲ ਦੀ ਸੁਰੱਖਿਆ ਚ ਵਾਧਾ: ਪੁਲਿਸ ਕਮਿਸ਼ਨਰ

ਅੰਮ੍ਰਿਤਸਰ (ਲੋਕ ਬਾਣੀ) ਸ਼੍ਰੀ ਦਰਬਾਰ ਸਾਹਿਬ ਵਿਖੇ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਤੇ ਗੋਲੀਆਂ ਚਲਾਉਣ ਵਾਲੇ ਦੋਸ਼ੀ ਨੂੰ ਪੁਲਿਸ ਨੇ ਗ੍ਰਿਫਤਾਰ ਕਰ ਲਿਆ ਹੈ। ਇਹ ਜਾਣਕਾਰੀ ਅੰਮ੍ਰਿਤਸਰ ਦੇ ਪੁਲਿਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ ਨੇ ਦਿੱਤੀ। ਉਨ੍ਹਾਂ ਇਹ ਵੀ ਕਿਹਾ ਕਿ ਕਲਾਊਡ ਸੁਰੱਖਿਆ ਵਧਾ ਦਿੱਤੀ ਗਈ ਹੈ।ਸੁਖਬੀਰ ਸਿੰਘ ਬਾਦਲ ਤੇ ਹਮਲੇ ਤੋਂ ਬਾਅਦ ਅਸੀਂ ਉਨ੍ਹਾਂ ਦੀ ਸੁਰੱਖਿਆ ਵਧਾ ਦਿੱਤੀ ਹੈ। ਸਾਦੀ ਵਰਦੀ ਵਿੱਚ ਉਸਦੀ ਸੁਰੱਖਿਆ ਵਿੱਚ ਇੱਕ ਏਆਈਜੀ, ਦੋ ਐਸਪੀ ਅਤੇ ਦੋ ਡੀਐਸਪੀ ਸਮੇਤ ਲਗਭਗ 200 ਪੁਲਿਸ ਕਰਮਚਾਰੀ ਤਾਇਨਾਤ ਕੀਤੇ ਗਏ ਹਨ, ਉਸਨੇ ਕਿਹਾ।

ਉਸਨੇ ਅੱਗੇ ਕਿਹਾ, ਇੱਥੇ ਮੈਂ ਇਹ ਕਹਿਣਾ ਚਾਹਾਂਗਾ ਕਿ ਸਾਡੇ ਮੁਲਾਜ਼ਿਮ ਯਸ਼ਪਾਲ ਸਿੰਘ ਨੇ ਸਭ ਤੋਂ ਪਹਿਲਾਂ ਨਰਾਇਣ ਸਿੰਘ ਚੌੜਾ ਨੂੰ ਦੇਖਿਆ ਸੀ। ਨਰਾਇਣ ਸਿੰਘ ਚੋਰਾ ਪਹਿਲਾਂ ਵੀ ਕਈ ਅਪਰਾਧਿਕ ਗਤੀਵਿਧੀਆਂ ਵਿੱਚ ਸ਼ਾਮਲ ਰਿਹਾ ਹੈ।

ਨਰਾਇਣ ਸਿੰਘ ਚੋਰਾ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ। ਉਸ ਵਿਰੁੱਧ ਐਫਆਈਆਰ ਦਰਜ ਕੀਤੀ ਗਈ ਹੈ। ਇਸ ਤੋਂ ਇਲਾਵਾ ਉਸ ਦੇ ਕਬਜ਼ੇ ਚੋਂ ਇਕ ਹਥਿਆਰ ਵੀ ਬਰਾਮਦ ਹੋਇਆ ਹੈ। ਅੱਗੇ ਅਸੀਂ ਇਸ ਮਾਮਲੇ ਦੀ ਡੂੰਘਾਈ ਨਾਲ ਜਾਂਚ ਕਰਾਂਗੇ। ਅਸੀਂ ਤੁਹਾਨੂੰ ਸਾਰਿਆਂ ਨੂੰ ਭਰੋਸਾ ਦਿਵਾਉਂਦੇ ਹਾਂ ਕਿ ਜਾਂਚ ਦੌਰਾਨ ਇਸ ਕੇਸ ਨਾਲ ਸਬੰਧਤ ਕਿਸੇ ਵੀ ਪਹਿਲੂ ਨੂੰ ਨਜ਼ਰਅੰਦਾਜ਼ ਨਹੀਂ ਕੀਤਾ ਜਾਵੇਗਾ।



ਮੁਢਲੀ ਜਾਂਚ ਚੱਲ ਰਹੀ ਹੈ। ਘਟਨਾ ਤੋਂ ਬਾਅਦ ਸੁਰੱਖਿਆ ਵਧਾ ਦਿੱਤੀ ਗਈ ਹੈ। ਮੈਂ ਦੱਸਣਾ ਚਾਹਾਂਗਾ ਕਿ ਪੁਲਿਸ ਦੀ ਚੌਕਸੀ ਕਾਰਨ ਇਸ ਹਮਲੇ ਨੂੰ ਰੋਕਿਆ ਗਿਆ ਹੈ। ਭਵਿੱਖ ਵਿੱਚ ਅਸੀਂ ਮਾਮਲੇ ਦੀ ਜਾਂਚ ਕਰਾਂਗੇ, ਤਾਂ ਸਾਰੀ ਸਥਿਤੀ ਸਪੱਸ਼ਟ ਹੋ ਸਕੇਗੀ। ਹੁਣ ਸਭ ਕੁਝ ਕੁਝ ਪੜਤਾਲ ਤੇ ਨਿਰਭਰ ਕਰਦਾ ਹੈ. ਜਦੋਂ ਜਾਂਚ ਕੀਤੀ ਜਾਵੇਗੀ ਤਾਂ ਇਹ ਸਪੱਸ਼ਟ ਹੋ ਜਾਵੇਗਾ ਕਿ ਇਹ ਘਟਨਾ ਕਿਉਂ ਕੀਤੀ ਗਈ ਸੀ, ਉਸਨੇ ਕਿਹਾ।

ਉਸਨੇ ਅੱਗੇ ਕਿਹਾ, ਮੈਂ ਐਸੋਸੀਏਸ਼ਨ ਨੂੰ ਇਸ ਸ਼ਾਂਤੀ ਨੂੰ ਬਣਾਈ ਰੱਖਣ ਦੀ ਅਪੀਲ ਕਰਨਾ ਚਾਹਾਂਗਾ। ਮੈਂ ਤੁਹਾਨੂੰ ਇਹ ਵੀ ਅਪੀਲ ਕਰਨਾ ਚਾਹਾਂਗਾ ਕਿ ਤੁਸੀਂ ਜਾਂਚ ਵਿੱਚ ਤੇਜ਼ੀ ਲਿਆਉਣ ਲਈ ਪੁਲਿਸ ਦੀ ਮਦਦ ਕਰੋ, ਉਸਨੇ ਕਿਹਾ।

ਹਮਲਾ ਸਵੇਰੇ 9 ਵਜੇ ਦੇ ਕਰੀਬ ਹੋਇਆ। ਉਸ ਸਮੇਂ ਸੁਖਬੀਰ ਮੇਨ ਗੇਟ ਤੇ ਸੇਵਾਦਾਰ ਦੀ ਭੂਮਿਕਾ ਚ ਤਾਇਨਾਤ ਸਨ। ਸੁਖਦੇਵ ਸਿੰਘ ਢੀਂਡਸਾ ਵੀ ਗੇਟ ਤੇ ਮੌਜੂਦ ਸਨ।


# 22 ਦਸੰਬਰ ਨੂੰ ਵਿਆਹ ਦੇ ਬੰਧਨ ਚ ਬੱਝੇਗੀ ਬੈਡਮਿੰਟਨ ਖਿਡਾਰਨ ਪੀਵੀ ਸਿੰਧੂ




ਨਵੀਂ ਦਿੱਲੀ- (ਲੋਕ ਬਾਣੀ)- ਭਾਰਤ ਦੀ ਸਟਾਰ ਬੈਡਮਿੰਟਨ ਖਿਡਾਰਨ ਪੀਵੀ ਸਿੰਧੂ ਵਿਆਹ ਦੇ ਬੰਧਨ ਵਿੱਚ ਬੱਝਣ ਜਾ ਰਹੀ ਹੈ। ਉਹ 22 ਦਸੰਬਰ ਨੂੰ ਉਦੈਪੁਰ ਚ ਹੈਦਰਾਬਾਦ ਚ ਰਹਿਣ ਵਾਲੇ ਵੈਂਕਟ ਦੱਤਾ ਸਾਈਂ ਨਾਲ ਵਿਆਹ ਦੇ ਬੰਧਨ ਚ ਬੱਝੇਗੀ। ਵੈਂਕਟ ਪੋਸੀਡੇਕਸ ਟੈਕਨੋਲੋਜੀਜ਼ ਦੇ ਕਾਰਜਕਾਰੀ ਨਿਰਦੇਸ਼ਕ ਹਨ।ਸਿੰਧੂ ਦੇ ਪਿਤਾ ਪੀਵੀ ਰਮਨ ਨੇ ਸੋਮਵਾਰ ਰਾਤ ਲਖਨਊ ਚ ਕਿਹਾ, ਦੋਵੇਂ ਪਰਿਵਾਰ ਇਕ-ਦੂਜੇ ਨੂੰ ਜਾਣਦੇ ਸਨ ਪਰ ਸਭ ਕੁਝ ਇਕ ਮਹੀਨੇ ਪਹਿਲਾਂ ਹੀ ਤੈਅ ਹੋ ਗਿਆ ਸੀ। ਇਹ ਸਿਰਫ ਸੰਭਵ ਸਮਾਂ ਸੀ, ਕਿਉਂਕਿ ਜਨਵਰੀ ਤੋਂ ਸਿੰਧੂ ਦਾ ਸ਼ਡਿਊਲ ਕਾਫੀ ਰੁੱਝੇ (Busy) ਰਹਿਣੇ ਵਾਲਾ ਹੈ।

ਸਿੰਧੂ ਦੇ ਪਿਤਾ ਨੇ ਕਿਹਾ, ਇਸ ਲਈ ਦੋਵਾਂ ਪਰਿਵਾਰਾਂ ਨੇ 22 ਦਸੰਬਰ ਨੂੰ ਵਿਆਹ ਸਮਾਗਮ ਕਰਵਾਉਣ ਦਾ ਫੈਸਲਾ ਕੀਤਾ ਹੈ। ਰਿਸੈਪਸ਼ਨ 24 ਦਸੰਬਰ ਨੂੰ ਹੈਦਰਾਬਾਦ ਚ ਹੋਵੇਗੀ। ਉਹ ਜਲਦੀ ਹੀ ਆਪਣੀ ਸਿਖਲਾਈ ਸ਼ੁਰੂ ਕਰੇਗੀ, ਕਿਉਂਕਿ ਅਗਲਾ ਸੀਜ਼ਨ ਬਹੁਤ ਮਹੱਤਵਪੂਰਨ ਹੋਣ ਵਾਲਾ ਹੈ। ਵਿਆਹ ਨਾਲ ਸਬੰਧਤ ਪ੍ਰੋਗਰਾਮ ਤੇ ਰਸਮਾਂ 20 ਦਸੰਬਰ ਤੋਂ ਸ਼ੁਰੂ ਹੋਣਗੇ।

# ਬੇਸਹਾਰਾ ਪਸ਼ੂਆਂ ਕਾਰਨ ਸ਼ਹਿਰ ਵਾਸੀ, ਦੁਕਾਨਦਾਰ ਅਤੇ ਵਾਹਨ ਚਾਲਕ ਪ੍ਰੇਸ਼ਾਨ



ਡੇਰਾਬੱਸੀ(ਲੋਕ ਬਾਣੀ) --ਸ਼ਹਿਰ ਅੰਦਰ ਅਤੇ ਸੜਕਾਂ ਤੇ ਘੁੰਮਦੇ ਬੇਸਹਾਰਾ ਪਸ਼ੂਆਂ ਕਾਰਨ ਜਿਥੇ ਸ਼ਹਿਰ ਵਾਸੀ ਪ੍ਰੇਸ਼ਾਨ ਹਨ, ਉਥੇ ਹੀ ਦੁਕਾਨਦਾਰ ਵੀ ਇਨ੍ਹਾਂ ਪਸ਼ੂਆਂ ਕਰਕੇ ਬਹੁਤ ਪ੍ਰੇਸ਼ਾਨ ਹਨ । ਇਸ ਦੇ ਬਾਵਜੂਦ ਵਿਭਾਗ ਵਲੋਂ ਇਸ ਤੇ ਕੋਈ ਧਿਆਨ ਨਾ ਦਿੱਤੇ ਜਾਣ ਕਰਕੇ ਲੋਕਾਂ ਵਿਚ ਰੋਸ ਪਾਇਆ ਜਾ ਰਿਹਾ ਹੈ । ਦੁਕਾਨਦਾਰਾਂ ਨੇ ਰੋਸ ਪ੍ਰਗਟ ਕਰਦਿਆਂ ਕਿਹਾ ਕਿ ਪ੍ਰਧਾਨ ਮੰਤਰੀ ਵਲੋਂ ਦੇਸ਼ ਨੂੰ ਸੁੰਦਰ ਬਣਾਉਣ ਲਈ ਬੇਸ਼ੱਕ ਸਵੱਛ ਭਾਰਤ ਮੁਹਿੰਮ ਦਾ ਆਗਾਜ਼ ਤਾਂ ਕਰ ਦਿੱਤਾ ਲੇਕਿਨ ਗੰਦਗੀ ਤੋਂ ਵੀ ਜ਼ਿਆਦਾ ਬੇਖੌਫ਼ ਘੁੰਮਦੇ ਇਹ ਬੇਸਹਾਰਾ ਪਸ਼ੂ ਜਾਨਲੇਵਾ ਸਾਬਤ ਹੋ ਰਹੇ ਹਨ, ਲੇਕਿਨ ਪ੍ਰਸ਼ਾਸਨ ਵਲੋਂ ਕੋਈ ਠੋਸ ਉਪਰਾਲੇ ਨਾ ਕੀਤੇ ਜਾਣ ਕਰਕੇ ਸ਼ਹਿਰ ਅੰਦਰ ਇਨ੍ਹਾਂ ਦੀ ਗਿਣਤੀ ਵਿਚ ਵਾਧਾ ਹੁੰਦਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਕ ਦੋ ਨਹੀਂ ਬਲਕਿ ਦਰਜਨਾਂ ਦੀ ਗਿਣਤੀ ਵਿਚ ਬੇਸਹਾਰਾ ਪਸ਼ੂ ਚੰਡੀਗੜ੍ਹ-ਅੰਬਾਲਾ ਮੁੱਖ ਸੜਕ, ਰਾਮਲੀਲ੍ਹਾ ਗਰਾਊਂਡ, ਤਹਿਸੀਲ ਸੜਕ, ਮੁੱਖ ਬਾਜ਼ਾਰ, ਬਰਵਾਲਾ ਸੜਕ, ਸਰਕਾਰੀ ਕਾਲਜ ਸੜਕ, ਹੈਬਤਪੁਰ ਸੜਕ, ਮੁਬਾਰਿਕਪੁਰ ਸੜਕ, ਈਸਾਪੁਰ ਨੂੰ ਜਾਂਦੀ ਸੜਕ ਸਮੇਤ ਹਰ ਪਾਸੇ ਘੁੰਮਦੇ ਵਿਖਾਈ ਦੇ ਜਾਣਗੇ। ਸੜਕਾਂ ਤੇ ਗਲੀਆਂ ਵਿਚ ਫਿਰਦੇ ਇਨ੍ਹਾਂ ਬੇਸਹਾਰਾ ਪਸ਼ੂਆਂ ਕਰਕੇ ਸਕੂਲੀ ਬੱਚੇ ਤੇ ਬਜ਼ੁਰਗਾਂ ਨੂੰ ਕਈ ਤਰ੍ਹਾਂ ਦੀਆਂ ਮਾਨਸਿਕ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਲੋਕ ਆਪਣੇ ਬੱਚਿਆਂ ਨੂੰ ਗਲੀਆਂ ਵਿਚ ਖੇਡਣ ਲਈ ਨਹੀਂ ਭੇਜ ਸਕਦੇ। ਬੇਸਹਾਰਾ ਪਸ਼ੂਆਂ ਲਈ ਬਣੇ ਕੈਟਲ ਪਾਊਂਡ ਨੂੰ ਪ੍ਰਸ਼ਾਸਨ ਵਲੋਂ ਪਾਰਕਿੰਗ ਵਿਚ ਤਬਦੀਲ ਕਰਨ ਕਰਕੇ ਇਨ੍ਹਾਂ ਲਈ ਮੌਜੂਦ ਇਕਲੌਤਾ ਆਸ਼ੀਆਨਾ ਵੀ ਖੋਹ ਲਿਆ ਗਿਆ। ਗੰਦਗੀ ਚ ਮੂੰਹ ਮਾਰਦੇ ਬੇਸਹਾਰਾ ਪਸ਼ੂ ਪੈਦਲ ਚੱਲਣ ਵਾਲੇ ਲੋਕਾਂ ਲਈ ਵੀ ਪਰੇਸ਼ਾਨੀ ਦਾ ਸਬੱਬ ਬਣੇ ਹੋਏ ਹਨ ਅਤੇ ਦੁਕਾਨਾਂ ਦੇ ਬਾਹਰ ਪਏ ਸਾਮਾਨ ਵਿਚ ਮੂੰਹ ਮਾਰ ਕੇ ਜਿਥੇ ਦੁਕਾਨਦਾਰਾਂ ਦਾ ਨੁਕਸਾਨ ਕਰਦੇ ਹਨ ਉਥੇ ਹੀ ਗੰਦਗੀ ਫ਼ੈਲਾਉਣ ਵਿਚ ਕੋਈ ਕਸਰ ਬਾਕੀ ਨਹੀਂ ਛੱਡ ਰਹੇ। ਸ਼ਹਿਰ ਵਾਸੀਆਂ ਨੇ ਉੱਚ ਅਧਿਕਾਰੀਆਂ ਨੂੰ ਸੜਕਾਂ ਤੇ ਫਿਰਦੇ ਬੇਜ਼ੁਬਾਨ ਬੇਸਹਾਰਾ ਪਸ਼ੂਆਂ ਨੂੰ ਕਿਸੇ ਯੋਗ ਥਾਂ ਤੇ ਰੱਖਦੇ ਇਨ੍ਹਾਂ ਦੀ ਸਾਂਭ-ਸੰਭਾਲ ਕਰਨ ਦੀ ਮੰਗ ਕਰਦੇ ਇਨ੍ਹਾਂ ਤੋਂ ਲੋਕਾਂ ਨੂੰ ਛੁਟਕਾਰਾ ਦਿਵਾਉਣ ਦੀ ਮੰਗ ਕੀਤੀ ਹੈ। ਜਦੋਂ ਇਸ ਬਾਰੇ ਨਗਰ ਕੌਂਸਲ ਪ੍ਰਧਾਨ ਆਸ਼ੂ ਉਪਨੇਜਾ ਨਾਲ ਸੰਪਰਕ ਕੀਤਾ ਤਾਂ ਉਨ੍ਹਾਂ ਕਿਹਾ ਕਿ ਬੇਸਹਾਰਾ ਪਸ਼ੂਆਂ ਦੇ ਲਈ ਡੇਰਾਬੱਸੀ ਵਿਖੇ ਰੱਖਣ ਲਈ ਥਾਂ ਦੀ ਚੋਣ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਨਗਰ ਕੌਂਸਲ ਲਾਲੜੂ ਅਧੀਨ ਪਿੰਡ ਮਗਰਾ ਵਿਖੇ ਪੈਂਦੀ ਜ਼ਿਲ੍ਹੇ ਦੀ ਸਭ ਤੋਂ ਵੱਡੀ ਗਊਸ਼ਾਲਾ ਵਿੱਚ ਬੇਸਹਾਰਾ ਪਸ਼ੂਆਂ ਨੂੰ ਰੱਖਣ ਲਈ ਥਾਂ ਨਹੀਂ ਹੈ। ਉਨ੍ਹਾਂ ਕਿਹਾ ਕਿ ਨਗਰ ਕੌਂਸਲ ਦੀ ਮੀਟਿੰਗ ਵਿੱਚ ਵੀ ਬੇਸਹਾਰਾ ਪਸ਼ੂਆਂ ਦਾ ਪ੍ਰਬੰਧ ਕਰਨ ਲਈ ਵੀ ਚਰਚਾ ਕੀਤੀ ਗਈ ਸੀ ਉਨ੍ਹਾਂ ਕਿਹਾ ਕਿ ਜਲਦ ਹੀ ਡੇਰਾਬੱਸੀ ਸ਼ਹਿਰ ਵਾਸੀਆਂ ਨੂੰ ਬੇਸਹਾਰਾ ਪਸ਼ੂਆਂ ਤੋਂ ਹੋ ਰਹੀ ਪ੍ਰੇਸ਼ਾਨੀ ਤੋਂ ਛੁਟਕਾਰਾ ਮਿਲ ਜਾਵੇਗਾ।

# ਵਿਜੀਲੈਂਸ ਬਿਊਰੋ ਨੇ 2500 ਰੁਪਏ ਰਿਸ਼ਵਤ ਲੈਣ ਵਾਲੇ ਵਣ ਗਾਰਡ ਨੂੰ ਕੀਤਾ ਕਾਬੂ

ਚੰਡੀਗੜ੍ਹ(ਲੋਕ ਬਾਣੀ) ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚਲਾਈ ਮੁਹਿੰਮ ਦੌਰਾਨ ਜ਼ਿਲ੍ਹਾ ਜੰਗਲਾਤ ਵਿਭਾਗ ਮਾਨਸਾ ਵਿਖੇ ਤਾਇਨਾਤ ਇੱਕ ਵਣ ਗਾਰਡ ਮਨਪ੍ਰੀਤ ਸਿੰਘ ਨੂੰ 2500 ਰੁਪਏ ਰਿਸ਼ਵਤ ਲੈਣ ਦੇ ਦੋਸ਼ ਹੇਠ ਕਾਬੂ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਾਜ਼ਮ ਨੂੰ ਗੁਰਪ੍ਰੀਤ ਸਿੰਘ ਵਾਸੀ ਖੋਖਰ ਰੋਡ, ਮਾਨਸਾ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ।

ਬੁਲਾਰੇ ਨੇ ਅੱਗੇ ਦੱਸਿਆ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਸੰਪਰਕ ਕਰਕੇ ਦੱਸਿਆ ਕਿ ਉਹ ਇੱਕ ਮਸ਼ੀਨੀ ਰੇਹੜੀ ਚਲਾ ਕੇ ਆਪਣੀ ਰੋਜ਼ੀ-ਰੋਟੀ ਕਮਾਉਂਦਾ ਹੈ ਅਤੇ ਉਸਨੇ ਸੜਕ ਕਿਨਾਰੇ ਇੱਕ ਲੱਕੜ ਦਾ ਟੁਕੜਾ ਦੇਖਿਆ ਅਤੇ ਆਪਣੀ ਮੋਟਰ ਰੇਹੜੀ ਵਿੱਚ ਲੱਦ ਲਿਆ। ਸ਼ਿਕਾਇਤਕਰਤਾ ਨੇ ਅੱਗੇ ਦੱਸਿਆ ਕਿ ਜਦੋਂ ਉਹ ਰਸਤੇ ਵਿੱਚ ਜਾ ਰਿਹਾ ਸੀ ਤਾਂ ਉਕਤ ਵਣ ਗਾਰਡ ਨੇ ਉਸਨੂੰ ਲੱਕੜ ਚੋਰੀ ਕਰਨ ਦੇ ਦੋਸ਼ ਵਿੱਚ ਜੁਰਮਾਨਾ ਕਰਨ ਦੀ ਧਮਕੀ ਦਿੱਤੀ ਅਤੇ ਕੋਈ ਕਾਰਵਾਈ ਨਾ ਕਰਨ ਬਦਲੇ ਉਸਨੂੰ 5,000 ਰੁਪਏ ਦੀ ਰਿਸ਼ਵਤ ਦੇਣ ਲਈ ਕਿਹਾ।

ਸ਼ਿਕਾਇਤ ਅਨੁਸਾਰ 4,000 ਰੁਪਏ ਵਿੱਚ ਸੌਦਾ ਤੈਅ ਹੋ ਗਿਆ ਅਤੇ ਉਕਤ ਮੁਲਾਜ਼ਮ 1400 ਰੁਪਏ ਪਹਿਲੀ ਕਿਸ਼ਤ ਵੀ ਲੈ ਚੁੱਕਾ ਹੈ ਅਤੇ ਬਾਕੀ ਰਕਮ ਦੀ ਮੰਗ ਕਰ ਰਿਹਾ ਹੈ।



ਬੁਲਾਰੇ ਨੇ ਅੱਗੇ ਦੱਸਿਆ ਕਿ ਇਸ ਸ਼ਿਕਾਇਤ ਦੀ ਮੁੱਢਲੀ ਜਾਂਚ ਤੋਂ ਬਾਅਦ ਵਿਜੀਲੈਂਸ ਬਿਊਰੋ ਦੀ ਟੀਮ ਨੇ ਜਾਲ ਵਿਛਾ ਕੇ ਦੋਸ਼ੀ ਜੰਗਲਾਤ ਗਾਰਡ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ ਰਿਸ਼ਵਤ ਦੀ ਬਾਕੀ ਬਚੀ 1100 ਰੁਪਏ ਦੀ ਰਕਮ ਲੈਂਦੇ ਹੋਏ ਰੰਗੇ ਹੱਥੀਂ ਗ੍ਰਿਫਤਾਰ ਕਰ ਲਿਆ ਹੈ।

ਇਸ ਸਬੰਧ ਵਿੱਚ ਵਿਜੀਲੈਂਸ ਬਿਊਰੋ ਦੇ ਥਾਣਾ ਬਠਿੰਡਾ ਰੇਂਜ ਵਿੱਚ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਕੇਸ ਦਰਜ ਕੀਤਾ ਗਿਆ ਹੈ। ਬੁਲਾਰੇ ਨੇ ਕਿਹਾ ਕਿ ਉਸ ਨੂੰ ਭਲਕੇ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ ਅਤੇ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।

# ਫ਼ਸਲਾਂ ਉੱਪਰ ਕੀੜਿਆਂ 'ਤੇ ਬਿਮਾਰੀਆਂ ਦੀ ਰੋਕਥਾਮ ਲਈ ਸਰਕਾਰ ਵੱਲੋਂ ਤਿਆਰ ਕੀਤੇ ਵਟਸਐੱਪ ਐਪ ਨੈਸ਼ਨਲ ਸਟ ਸਰਵੇਲੈਂਸ ਸਿਸਟਮ ਸਬੰਧੀ ਟ੍ਰੇਨਿੰਗ ਪ੍ਰੋਗਰਾਮ ਦਾ ਆਯੋਜਨ

ਮੋਹਾਲੀ , (ਲੋਕ ਬਾਣੀ)
ਮੁੱਖ ਖੇਤੀਬਾੜੀ ਅਫਸਰ ਐੱਸ.ਏ.ਐੱਸ.ਨਗਰ ਡਾ. ਗੁਰਮੇਲ ਸਿੰਘ ਦੀ ਅਗਵਾਈ ਹੇਠ ਵੱਖ-ਵੱਖ ਫ਼ਸਲਾ ਤੇ ਹਮਲਾ ਕਰਨ ਵਾਲੇ ਕੀੜਿਆਂ ਤੇ ਬਿਮਾਰੀਆਂ ਦੀ ਸੁਚੱਜੀ ਰੋਕਥਾਮ ਲਈ ਸਰਕਾਰ ਵੱਲੋਂ ਤਿਆਰ ਕੀਤੇ ਵਟਸਐੱਪ ਐਪ ਨੈਸ਼ਨਲ ਸਟ ਸਰਵੇਲੈਂਸ ਸਿਸਟਮ (©♦♥♥) ਸਬੰਧੀ ਜ਼ਿਲ੍ਹੇ ਦੇ ਅਗਾਹਵਧੂ ਕਿਸਾਨਾਂ ਅਤੇ ਵਿਭਾਗ ਦੇ ਅਧਿਕਾਰੀਆਂ/ਕਰਮਚਾਰੀਆਂ ਦੀ ਹਾਜਰੀ ਵਿੱਚ ਟ੍ਰੇਨਿੰਗ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ।

ਇਸ ਟ੍ਰੇਨਿੰਗ ਵਿੱਚ ਸੈਂਟਰਲ ਇੰਟਾਗਰੇਟਿਡ ਪੈਸਟ ਮੈਨੇਜਮੈਂਟ ਸੈਂਟਰ ਜਲੰਧਰ ਦੇ ਪਲਾਂਟ ਪ੍ਰੋਟੈਕਸ਼ਨ ਅਫਸਰ ਚੇਤਨ ਅਤੇ ਚੰਦਰ ਭਾਨ ਤੋਂ ਇਲਾਵਾ ਰਾਜਭਰ ਸਿੰਘ ਐੱਸ.ਏ. ਨੇ ਐਪ ਦੀ ਵਰਤੋਂ ਸਬੰਧੀ ਜਾਣਕਾਰੀ ਸਾਂਝੀ ਕੀਤੀ। ਉਨ੍ਹਾਂ ਨੇ ਦੱਸਿਆ ਕਿ ਇਸ ਐਪ ਦੀ ਵਰਤੋਂ ਨਾਲ ਕਿਸਾਨ ਭਰਾ ਫ਼ਸਲਾਂ ਤੇ ਕੀੜਿਆਂ ਅਤੇ ਬਿਮਾਰੀਆਂ ਦੀ ਆਪਣੇ ਮੋਬਾਇਲ ਰਾਹੀਂ ਫੋਟੋ ਲੈ ਕੇ ਪਹਿਚਾਣ ਅਤੇ ਰੋਕਥਾਮ ਕਰ ਸਕਦੇ ਹਨ। ਉਨ੍ਹਾਂ ਨੇ ਕਣਕ ਦੀ ਫ਼ਸਲ ਤੇ ਗੁਲਾਬੀ ਸੁੰਡੀ ਦੇ ਹਮਲੇ ਬਾਰੇ ਵੀ ਵਿਚਾਰ ਸਾਂਝੇ ਕਰਦੇ ਹੋਏ ਦੱਸਿਆ ਕਿ ਇਸ ਸੁੰਡੀ ਦਾ ਹਮਲਾ ਮਾਨਸਾ, ਫਿਰੋਜਪੁਰ, ਮੋਗਾ ਅਤੇ ਸੰਗਰੂਰ ਜ਼ਿਲ੍ਹਿਆਂ ਵਿੱਚ ਵਧੇਰੇ ਵੇਖਣ ਨੂੰ ਮਿਲਿਆ ਹੈ। ਇਸ ਮੌਕੇ ਮੁੱਖ ਖੇਤੀਬਾੜੀ ਅਫਸਰ ਨੇ ਜ਼ਿਲ੍ਹੇ ਦੇ ਕਿਸਾਨਾਂ ਨੂੰ ਉਨ੍ਹਾਂ ਦੀਆਂ ਫ਼ਸਲਾਂ ਤੇ ਆਉਣ ਵਾਲੀਆਂ ਬਿਮਾਰੀਆ ਅਤੇ ਕੀੜਿਆਂ ਦੀ ਸਮੇਂ ਸਿਰ ਸੁਚੱਜੀ ਰੋਕਥਾਮ ਲਈ ਇਸ ਐਪ ਦੀ ਵੱਧ ਵੱਧ ਵਰਤੋਂ ਕਰਨ ਲਈ ਅਪੀਲ ਕੀਤੀ। ਇਸ ਮੌਕੇ ਡਾ. ਸੰਦੀਪ ਬਹਿਲ, ਖੇਤੀਬਾੜੀ ਅਫਸਰ ਡੇਰਾਬਸੀ, ਡਾ.



ਗੁਰਦਿਆਲ ਕੁਮਾਰ ਏ.ਡੀ.ਓ. (ਟੀ.ਏ.), ਡਾ. ਦਾਨਿਸ਼ ਕੁਮਾਰ ਏ.ਡੀ.ਓ., ਡਾ. ਮਨਦੀਪ ਕੌਰ ਏ.ਡੀ.ਓ.,ਡਾ.ਜਸਵਿੰਦਰ ਸਿੰਘ ਏ.ਡੀ.ਓ., ਸੁੱਚਾ ਸਿੰਘ ਏ.ਈ.ਓ., ਰੁਪਿੰਦਰ ਕੌਰ, ਅੰਮ੍ਰਿਤਪਾਲ ਸਿੰਘ ਏ.ਐੱਸ.ਆਈ. ਜਗਦੀਪ ਸਿੰਘ ਬੀ.ਟੀ.ਐੱਮ. (ਆਤਮਾ) ਅਤੇ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਤੋਂ ਅਗਾਂਹਵਧੂ ਕਿਸਾਨਾਂ ਨੇ ਭਾਗ ਲਿਆ।

# ਭੁਪਿੰਦਰਾ ਗਲੋਬਲ ਸਕੂਲ ਵਿਖੇ ਸਾਲਾਨਾ ਸਪੋਰਟਸ ਮੀਟ ਨੇ ਜਿੱਤਿਆ ਸਭ ਦਾ ਦਿਲ

ਮਾਲੇਰਕੋਟਲਾ (ਲੋਕ ਬਾਣੀ):ਭੁਪਿੰਦਰਾ ਗਲੋਬਲ ਸਕੂਲ ਨੇ 3 ਦਸੰਬਰ, 2024 ਨੂੰ ਆਪਣੀ ਬਹੁ-ਉਡੀਕ ਸਾਲਾਨਾ ਖੇਡ-ਮਿਲਣੀ ਦਾ ਆਯੋਜਨ ਸ਼ਾਨੋ-ਸ਼ੌਕਤ ਅਤੇ ਉਤਸ਼ਾਹ ਨਾਲ ਕੀਤਾ। ਇਸ ਸਮਾਗਮ ਵਿੱਚ ਮਾਣਯੋਗ ਮਹਿਮਾਨਾਂ ਦੇ ਨਾਲ-ਨਾਲ ਸ਼੍ਰੀ ਗਗਨਅਜੀਤ ਸਿੰਘ, ਸੀਨੀਅਰ ਪੁਲਿਸ ਕਪਤਾਨ (ਐਸ.ਐਸ.ਪੀ.), ਮਲੇਰਕੋਟਲਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਆਨਰ, ਪਰਨੀਕ ਸਿੰਘ ( ਪਿੰਕਾ ਜਰਗ) ਅਤੇ ਪਰਮਿੰਦਰ ਸਿੰਘ ਸੱਗੂ, ਪ੍ਰਸਿੱਧ ਫਿਟਨੈਸ ਟ੍ਰੇਨਰ।

ਦਿਨ ਦੀ ਸ਼ੁਰੂਆਤ ਸ਼ਬਦ ਗਾਇਨ ਅਤੇ ਰਸਮੀ ਸੁਆਗਤ ਨਾਲ ਕੀਤੀ ਗਈ, ਜਿਸ ਤੋਂ ਬਾਅਦ ਸਕੂਲ ਦੇ ਚਾਰ ਸਦਨਾਂ ਦੀ ਨੁਮਾਇੰਦਗੀ ਕਰ ਰਹੇ ਵਿਦਿਆਰਥੀਆਂ ਵੱਲੋਂ ਸ਼ਾਨਦਾਰ ਮਾਰਚ ਪਾਸਟ ਕੀਤਾ ਗਿਆ। ਮੁੱਖ ਮਹਿਮਾਨ ਨੇ ਆਪਣੇ ਸੰਬੋਧਨ ਵਿੱਚ ਵਿਦਿਆਰਥੀਆਂ ਵਿੱਚ ਅਨੁਸ਼ਾਸਨ, ਟੀਮ ਵਰਕ ਅਤੇ ਲਚਕਤਾ ਪੈਦਾ ਕਰਨ ਲਈ ਖੇਡਾਂ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਉਹਨਾਂ ਨੇ ਅਕਾਦਮਿਕ ਅਤੇ ਪਾਠਕ੍ਰਮ ਤੋਂ ਬਾਹਰਲੀ ਉੱਤਮਤਾ ਨੂੰ ਪਾਲਣ ਲਈ ਸਕੂਲ ਦੇ ਯਤਨਾਂ ਦੀ ਸ਼ਲਾਘਾ ਕੀਤੀ। ਐਥਲੈਟਿਕ ਈਵੈਂਟਸ ਦੀ ਇੱਕ ਸੀਮਾ, ਜਿਸ ਵਿੱਚ ਸਪ੍ਰਿੰਟਸ, ਰਿਲੇਅ ਰੇਸ, ਅਤੇ ਸ਼ਾਟ ਪੁਟ, ਡਿਸਕਸ ਥ੍ਰੋ, 100 ਮੀਟਰ, 200 ਮੀਟਰ,400 ਮੀਟਰ ਅਤੇ 800 ਮੀਟਰ ਦੌੜਾਂ ਬਾਰੇ ਚਰਚਾ ਨੇ ਵਿਦਿਆਰਥੀਆਂ ਦੇ ਦ੍ਰਿੜ ਇਰਾਦੇ ਅਤੇ ਮੁਕਾਬਲੇ ਦੀ ਭਾਵਨਾ ਨੂੰ ਪ੍ਰਦਰਸ਼ਿਤ ਕੀਤਾ। ਮਹਿਮਾਨਾਂ ਨੇ ਤੰਦਰੁਸਤੀ ਅਤੇ ਸਿਹਤਮੰਦ ਜੀਵਨ ਸ਼ੈਲੀ ਦੀ ਮਹੱਤਤਾ ਬਾਰੇ ਕੀਮਤੀ ਜਾਣਕਾਰੀ ਸਾਂਝੀ ਕੀਤੀ, ਵਿਦਿਆਰਥੀਆਂ ਨੂੰ ਸਰੀਰਕ ਤੰਦਰੁਸਤੀ ਨੂੰ ਤਰਜੀਹ ਦੇਣ ਲਈ ਪ੍ਰੇਰਿਤ ਕੀਤਾ।



ਦਿਨ ਦੀਆਂ ਮੁੱਖ ਗੱਲਾਂ ਵਿੱਚ ਇੰਟਰ-ਹਾਊਸ ਵਿਦਿਆਰਥੀਆਂ ਵਿਚਕਾਰ ਰੱਸਾਕਸ਼ੀ ਅਤੇ ਮਹਿਮਾਨਾਂ ਦੁਆਰਾ ਇੱਕ ਫਿਟਨੈਸ ਪ੍ਰਦਰਸ਼ਨ ਸ਼ਾਮਲ ਸੀ, ਜਿਸ ਨੇ ਦਰਸ਼ਕਾਂ ਨੂੰ ਮੋਹ ਲਿਆ। ਇਸ ਤੋਂ ਬਿਨਾਂ ਮਨੋਰੰਜਨ ਲਈ ਵਿਦਿਆਰਥੀਆਂ ਦੁਆਰਾ ਵੱਖ-ਵੱਖ ਗਤੀਵਿਧੀਆਂ ਕਲੈਪ ਡਰਿੱਲ, ਜੁੰਬਾ,ਗਿੱਧਾ, ਭੰਗੜਾ ਅਤੇ ਛੋਟੇ -ਛੋਟੇ ਬੱਚਿਆਂ ਵੱਲੋਂ ਚੀਅਰ ਅੱਪ ਡਾਂਸ ਵਿੱਚ ਵੀ ਸ਼ਾਨਦਾਰ ਪ੍ਰਦਰਸ਼ਨ ਕੀਤਾ ਗਿਆ।

ਸਮਾਪਤੀ ਸਮਾਰੋਹ ਵਿੱਚ ਜੇਤੂਆਂ ਨੂੰ ਮੈਡਲ ਅਤੇ ਟਰਾਫੀਆਂ ਦੇ ਕੇ ਸਨਮਾਨਿਤ ਕੀਤਾ ਗਿਆ ਅਤੇ ਸਕੂਲ ਦੀ ਡਾਇਰੈਕਟਰ ਮੈਡਮ ਲਖਬੀਰ ਕੌਰ ਢੀਂਡਸਾ ਜੀ ਦੇ ਨਾਲ-ਨਾਲ ਸਕੂਲ ਦੇ ਪ੍ਰਿੰਸੀਪਲ ਮੈਡਮ ਸਤਬੀਰ ਕੌਰ ਸਾਹੀ ਜੀ ਨੇ ਭਾਗ ਲੈਣ ਵਾਲੇ ਸਾਰੇ ਖਿਡਾਰੀਆਂ ਨੂੰ ਉਨ੍ਹਾਂ ਦੀ ਮਿਹਨਤ ਅਤੇ ਵਧੀਆ ਖੇਡਣ ਲਈ ਵਧਾਈ ਦਿੱਤੀ। ਓਵਰਆਲ ਚੈਂਪੀਅਨਸ਼ਿਪ ਟਰਾਫੀ ਦਾ ਦਾਅਵਾ ਕ੍ਰਿਏਟਰਜ਼ ਹਾਊਸ ਦੁਆਰਾ ਕੀਤਾ ਗਿਆ ਸੀ। ਅੰਤ ਵਿੱਚ ਪ੍ਰਿੰਸੀਪਲ ਮੈਡਮ ਸਾਹੀ ਜੀ ਨੇ ਧੰਨਵਾਦੀ ਭਾਸ਼ਣ ਦਿੰਦਿਆਂ ਸੰਦੇਸ਼ ਦਿੰਦਿਆਂ ਕਿਹਾ ਕਿ ਖੇਡਾਂ ਸਾਡੇ ਅੰਦਰ ਟੀਮ ਵਰਕ ਅਤੇ ਸਹਿਯੋਗ ਦੀ ਭਾਵਨਾ ਪੈਦਾ ਕਰਦੀਆਂ ਹਨ, ਸਾਨੂੰ ਸਿਖਾਉਂਦੀਆਂ ਹਨ ਕਿ ਅਸੀਂ ਇਕੱਠੇ ਮਿਲ ਕੇ ਇਸ ਤੋਂ ਵੱਧ ਪ੍ਰਾਪਤ ਕਰ ਸਕਦੇ ਹਾਂ ਜਿੰਨਾ ਅਸੀਂ ਇਕੱਲੇ ਨਹੀਂ ਕਰ ਸਕਦੇ ਸੀ।

ਸਮਾਗਮ ਦੀ ਸਮਾਪਤੀ ਰਾਸ਼ਟਰੀ ਗੀਤ ਦੇ ਨਾਲ ਹੋਈ, ਜਿਸ ਨਾਲ ਹਰ ਕਿਸੇ ਨੂੰ ਪ੍ਰੇਰਨਾ ਦਿੱਤੀ ਗਈ ਅਤੇ ਭੁਪਿੰਦਰਾ ਗਲੋਬਲ ਸਕੂਲ ਕਮਿਊਨਿਟੀ ਦਾ ਹਿੱਸਾ ਬਣਨ ਤੇ ਮਾਣ ਮਹਿਸੂਸ ਹੋਇਆ।

# ਕਾਰਪੋਰੇਸ਼ਨ ਚੋਣਾਂ ‘ਚ ਆਜਾਦ ਉਮੀਦਵਾਰਾਂ ਦੇ ਨਾਵਾਂ ਦਾ ਐਲਾਨ ਅਗਲੀ ਮੀਟਿੰਗ ‘ਚ - ਪਲਾਹੀ/ਪ੍ਰਭਾਕਰ



ਫਗਵਾੜਾ ( ਸੁਸ਼ੀਲ ਸ਼ਰਮਾ ) ਫਗਵਾੜਾ ‘ਚ ਸਰਗਰਮ ਸਾਰੀਆਂ ਸਿਆਸੀ ਧਿਰਾਂ ਨੂੰ ਦਰਕਿਨਾਰ ਕਰਦਿਆਂ ਕਾਰਪੋਰੇਸ਼ਨ ਚੋਣਾਂ ‘ਚ ਆਜ਼ਾਦ ਉਮੀਦਵਾਰ ਖੜੇ ਕਰਨ ਦਾ ਫੈਸਲਾ ਕਰ ਚੁੱਕੇ ਸ਼ਹਿਰ ਦੇ ਵੱਖ-ਵੱਖ ਵਾਰਡਾਂ ਦੇ ਪਤਵੰਤਿਆਂ ਦੀ ਦੂਸਰੀ ਮੀਟਿੰਗ ਅੱਜ ਸਮਾਜ ਸੇਵਕ ਸਤੀਸ਼ ਪ੍ਰਭਾਕਰ ਦੀ ਅਗਵਾਈ ਹੇਠ ਕੀਤੀ ਗਈ। ਜਿਸ ਵਿਚ ਉਮੀਦਵਾਰਾਂ ਦੇ ਨਾਵਾਂ ਬਾਰੇ ਵਿਚਾਰ ਵਟਾਂਦਰਾ ਹੋਇਆ। ਮੀਟਿੰਗ ਉਪਰੰਤ ਗੱਲਬਾਤ ਕਰਦਿਆਂ ਸਤੀਸ਼ ਪ੍ਰਭਾਕਰ ਤੋਂ ਇਲਾਵਾ ਜਤਿੰਦਰ ਸਿੰਘ ਪਲਾਹੀ ਜਸਵਿੰਦਰ ਸਿੰਘ ਘੁੰਮਣ, ਮੋਹਨ ਸਿੰਘ ਸਾਂਈ, ਮਾਸਟਰ ਰਵੇਲ ਸਿੰਘ ਅਤੇ ਪ੍ਰਦੀਪ ਸਿੰਘ ਬਸਰਾ ਨੇ ਦੱਸਿਆ ਕਿ ਆਜਾਦ ਉਮੀਦਵਾਰ ਖੜੇ ਕਰਨ ਨੂੰ ਲੈ ਕੇ ਹਰੇਕ ਵਾਰਡ ਵਿਚੋਂ ਵੋਟਰਾਂ ਦਾ ਭਰਵਾਂ ਹੁੰਗਾਰਾ ਮਿਲਿਆ ਹੈ। ਉਹਨਾਂ ਕਿਹਾ ਕਿ ਕਾਰਪੋਰੇਸ਼ਨ ਚੋਣਾਂ ਵਿਚ ਕਿਸੇ ਪਾਰਟੀ ਦੇ ਚੋਣ ਨਿਸ਼ਾਨ ਦੀ ਕੋਈ ਜ਼ਰੂਰਤ ਨਹੀਂ ਹੁੰਦੀ। ਕਿਉਂਕਿ ਵਾਰਡਾਂ ਦੇ ਲੋਕ ਉਸੇ ਉਮੀਦਵਾਰ ਨੂੰ ਵੋਟ ਦੇਣਾਂ ਪਸੰਦ ਕਰਦੇ ਹਨ ਜੋ ਉਹਨਾਂ ਦੇ ਵਿਚਕਾਰ ਹੀ ਵਿਚਰਦਾ ਹੈ ਅਤੇ ਉਹਨਾਂ ਦੀਆਂ ਮੁਸ਼ਕਿਲਾਂ ਨੂੰ ਦੂਰ ਕਰਨ ਲਈ ਸੰਘਰਸ਼ ਦੀ ਸਮਰੱਥਾ ਰੱਖਦਾ ਹੈ। ਇਸ ਲਈ ਅੱਜ ਦੀ ਮੀਟਿੰਗ ਵਿਚ ਅਜਿਹੇ ਸਾਫ ਸੁਥਰੇ ਅਕਸ ਰੱਖਦੇ ਅਤੇ ਚੋਣ ਲੜਨ ਦੇ ਚਾਹਵਾਨ ਸੰਭਾਵਿਤ ਉਮੀਦਵਾਰਾਂ ਬਾਰੇ ਵਿਚਾਰਾਂ ਕੀਤੀਆਂ ਗਈਆਂ ਹਨ। ਅਗਲੀ ਮੀਟਿੰਗ ਵਿਚ ਕੁੱਝ ਵਾਰਡਾਂ ਤੋਂ ਆਜਾਦ ਉਮੀਦਵਾਰਾਂ ਦੇ ਨਾਵਾਂ ਦਾ ਐਲਾਨ ਵੀ ਕਰ ਦਿੱਤਾ ਜਾਵੇਗਾ। ਉਹਨਾਂ ਕਿਹਾ ਕਿ ਸਿਰਫ ਉਹੀ ਉਮੀਦਵਾਰ ਐਲਾਨੇ ਜਾਣਗੇ, ਜਿਹਨਾਂ ਨੂੰ ਉਹਨਾਂ ਦੇ ਵਾਰਡ ਦੇ ਵਸਨੀਕਾਂ ਦਾ ਭਰਪੂਰ ਸਮਰਥਨ ਪ੍ਰਾਪਤ ਹੋਵੇਗਾ। ਇਸ ਮੀਟਿੰਗ ਵਿਚ ਹੋਰਨਾਂ ਤੋਂ ਇਲਾਵਾ ਇੰਦਰਜੀਤ ਸਿੰਘ ਬਸਰਾ, ਜਗਮੋਹਨ ਵਰਮਾ, ਜਸਵੀਰ ਸਿੰਘ ਭੁੱਲਾਰਾਈ, ਲਖਵੀਰ ਸਿੰਘ ਹਾਜੀਪੁਰ, ਕਰਨ ਪ੍ਰਭਾਕਰ ਆਦਿ ਹਾਜਰ ਸਨ।

# ਟਿੱਬੀ ‘ਚ ਬਸਪਾ ਨੂੰ ਝਟਕਾ, ਪੰਜਾਹ ਪਰਿਵਾਰ ਪਾਰਟੀ ਛੱਡ ਹੋਏ ‘ਆਪ’ ਵਿਚ ਸ਼ਾਮਲ




ਫਗਵਾੜਾ ( ਸੁਸ਼ੀਲ ਸ਼ਰਮਾ ) ਵਿਧਾਨਸਭਾ ਹਲਕਾ ਫਗਵਾੜਾ ਦੇ ਮੁਹੱਲਾ ਟਿੱਬੀ ਵਿਖੇ ਬਹੁਜਨ ਸਮਾਜ ਪਾਰਟੀ ਨੂੰ ਝਟਕਾ ਦਿੰਦੇ ਹੋਏ ਅੱਜ 50 ਪਰਿਵਾਰਾਂ ਨੇ ਆਮ ਆਦਮੀ ਪਾਰਟੀ ‘ਚ ਸ਼ਾਮਲ ਹੋਣ ਦਾ ਐਲਾਨ ਕੀਤਾ ਹੈ। ਜਿਹਨਾਂ ਦਾ ਸਵਾਗਤ ਪਾਰਟੀ ਦੇ ਹਲਕਾ ਇੰਚਾਰਜ ਜੋਗਿੰਦਰ ਸਿੰਘ ਮਾਨ ਵਲੋਂ ਕੀਤਾ ਗਿਆ। ਜੋਗਿੰਦਰ ਮਾਨ ਮੁਹੱਲਾ ਟਿੱਬੀ ਵਿਖੇ 14 ਲੱਖ ਰੁਪਏ ਦੀ ਲਾਗਤ ਨਾਲ ਡਿਸਪੋਜੇਬਲ ਪਾਰਕ ਦੇ ਨਵੀਨੀਕਰਨ ਦਾ ਉਦਘਾਟਨ ਕਰਨ ਲਈ ਪਹੁੰਚੇ ਸਨ। ਆਪ ਪਾਰਟੀ ਵਿਚ ਸ਼ਾਮਲ ਹੋਏ ਮਦਨ ਲਾਲ, ਸਤੀਸ਼ ਕੁਮਾਰ ਬੰਟੀ, ਜੀਤ ਰਾਮ, ਬਲਬੀਰ ਪਟਵਾਰੀ, ਅਮਰ ਸੈਣੀ, ਭਾਸਕਰ ਜੀ, ਰਾਜਵਿੰਦਰ ਮਾਹੀ, ਮਨਿੰਦਰ ਮੱਲ ਤੇ ਮੱਖਣ ਸਿੱਧੂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਧੀਨ ਫਗਵਾੜਾ ਦੇ ਕਰਵਾਏ ਜਾ ਰਹੇ ਸ਼ਹਿਰੀ ਵਿਕਾਸ ਤੋਂ ਪ੍ਰਭਾਵਿਤ ਹੋ ਕੇ ਉਹਨਾਂ ਨੇ ਆਪ ਪਾਰਟੀ ਵਿਚ ਸ਼ਾਮਲ ਹੋਣ ਦਾ ਫੈਸਲਾ ਲਿਆ ਹੈ। ਜੋਗਿੰਦਰ ਸਿੰਘ ਮਾਨ ਨੇ ਸਮੂਹ ਭਰੋਸਾ ਨੂੰ ਪਾਰਟੀ ਵਿਚ ਪੂਰੇ ਮਾਣ ਸਤਿਕਾਰ ਦਾ ਭਰੋਸਾ ਦਿੱਤਾ ਅਤੇ ਨਾਲ ਹੀ ਉਹਨਾਂ ਮੁਹੱਲਾ ਟਿੱਬੀ ਦੇ ਸਮੁੱਚੇ ਵਿਕਾਸ ਕਾਰਜ ਕਰਵਾਉਣ ਦਾ ਭਰੋਸਾ ਵੀ ਦਿੱਤਾ ਇਸ ਮੌਕੇ ਹਰਨੂਰ ਸਿੰਘ ਮਾਨ ਸਪੋਕਸ ਪਰਸਨ ਪੰਜਾਬ, ਹਰਮੇਸ਼ ਪਾਠਕ, ਗੁਰਦੀਪ ਸਿੰਘ ਦੀਪਾ, ਅਸ਼ੋਕ ਭਾਟੀਆ, ਓਮ ਪ੍ਰਕਾਸ਼ ਬਿੱਟੂ, ਨਰੇਸ਼ ਸ਼ਰਮਾ, ਫੌਜੀ ਸ਼ੇਰਗਿੱਲ, ਰਣਜੀਤ ਸਿੰਘ ਫਤਿਹ, ਨਵਨੀਤ ਉੱਪਲ, ਜਸਦੇਵ ਪਿੰਸ ਤੋਂ ਇਲਾਵਾ ਹੋਰ ਪਤਵੰਤੇ ਵੀ ਹਾਜਰ ਸਨ।

# ਸਰਬ ਨੌਜਵਾਨ ਸਭਾ ਨੇ ‘ਆਓ ਪੁੰਨ ਕਮਾਈਏ’ ਮੁਹਿਮ ਤਹਿਤ ਇਕ ਲੋੜਵੰਦ ਬਜੁਰਗ ਔਰਤ ਦੀ ਅੱਖ ਦਾ ਕਰਵਾਇਆ ਆਪ੍ਰੇਸ਼ਨ



ਫਗਵਾੜਾ ( ਸੁਸ਼ੀਲ ਸ਼ਰਮਾ ) ਦੁਆਬੇ ਦੀਆਂ ਮਾਣ ਮੱਤੀਆਂ ਸਮਾਜ ਸੇਵੀ ਸੰਸਥਾਵਾਂ ਸਰਬ ਨੌਜਵਾਨ ਸਭਾ (ਰਜਿ.) ਫਗਵਾੜਾ ਅਤੇ ਸਰਬ ਨੌਜਵਾਨ ਵੈਲਫੇਅਰ ਸੁਸਾਇਟੀ ਵਲੋਂ ‘ਆਓ ਪੁੰਨ ਕਮਾਈਏ’ ਲੜੀ ਤਹਿਤ ਸਾਂਝਾ ਉਪਰਾਲਾ ਕਰਦੇ ਹੋਏ ਸਭਾ ਦੇ ਪ੍ਰਧਾਨ ਸੁਖਵਿੰਦਰ ਸਿੰਘ ਦੀ ਅਗਵਾਈ ਅਤੇ ਉਦਯੋਗਪਤੀ ਜਤਿੰਦਰ ਸਿੰਘ ਕੁੰਦੀ ਦੇ ਸਹਿਯੋਗ ਨਾਲ ਇਕ ਲੋੜਵੰਦ ਔਰਤ ਦੀ ਅੱਖ ਦਾ ਫਰੀ ਓਪਰੇਸ਼ਨ ਕਰਵਾਇਆ ਗਿਆ। ਅੱਖਾਂ ਦੇ ਮਾਹਿਰ ਡਾ. ਡਾ.ਤੁਸ਼ਾਰ ਅੱਗਰਵਾਲ ਦੀ ਟੀਮ ਵਲੋਂ ਮੋਤੀਏ ਦੇ ਸ਼ਿਕਾਰ ਮਹਿਲਾ ਦੀ ਅੱਖ ‘ਚ ਲੈਂਜ ਪਾ ਕੇ ਨਵੀਂ ਰੌਸ਼ਨੀ ਦਿੱਤੀ ਗਈ। ਇਸ ਮੌਕੇ ਵਿਸ਼ੇਸ਼ ਤੌਰ ’ਤੇ ਪਹੁੰਚੇ ਐਕਸ.ਈ.ਐਨ. ਇੰਫੋਰਸਮੇਂਟ ਪਾਵਰਕਾਮ ਅਮਰਪ੍ਰੀਤ ਸਿੰਘ, ਐਸ.ਐਚ.ਓ. ਸਿਟੀ ਅਮਨਦੀਪ ਨਾਹਰ ਅਤੇ ਸੇਵਾਮੁਕਤ ਡੀ.ਐਸ.ਪੀ. ਜਸਵੀਰ ਸਿੰਘ ਵਿਸ਼ੇਸ਼ ਤੌਰ ਤੇ ਮੌਜੂਦ ਰਹੇ। ਐਸ. ਐਚ.ਓ. ਅਮਨਦੀਪ ਨਾਹਰ ਨੇ ਕਿਹਾ ਕਿ ਵੱਧਦਾ ਪ੍ਰਦੂਸ਼ਨ ਅੱਖਾਂ ਲਈ ਬਹੁਤ ਹੀ ਘਾਤਕ ਹੈ। ਇਸ ਲਈ ਸਮੇਂ ਦੀ ਲੋੜ ਹੈ ਕਿ ਪ੍ਰਦੂਸ਼ਨ ਮੁਕਤ ਵਾਤਾਵਰਣ ਸਿਰਜਣ ਵਿਚ ਵੱਧ ਤੋਂ ਵੱਧ ਯੋਗਦਾਨ ਪਾਇਆ ਜਾਵੇ। ਐਕਸ. ਈ.ਐਨ. ਅਮਰਪ੍ਰੀਤ ਸਿੰਘ ਨੇ ਵੀ ਸਭਾ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਅੱਖਾਂ ਦੇ ਮਹਿੰਗੇ ਆਪ੍ਰੇਸ਼ਨ ਬਿਲਕੁਲ ਫਰੀ ਕਰਵਾਉਣਾ ਗਰੀਬ ਪਰਿਵਾਰਾਂ ਨਾਲ ਸਬੰਧਤ ਮਰੀਜਾਂ ਲਈ ਬਹੁਤ ਹੀ ਲਾਹੇਵੰਦ ਹੈ। ਹਰੇਕ ਸਮਰੱਥ ਵਿਅਕਤੀ ਨੂੰ ਅਜਿਹੇ ਨੇਕ ਕਾਰਜਾਂ ਵਿਚ ਆਪਣਾ ਯੋਗਦਾਨ ਪਾਉਣਾ ਚਾਹੀਦਾ ਹੈ। ਡਾ. ਤੁਸ਼ਾਰ ਅਗਰਵਾਲ ਨੇ ਅੱਖਾਂ ਦੀ ਸੰਭਾਲ ਸਬੰਧੀ ਜਾਣਕਾਰੀ ਦਿੱਤੀ। ਉਹਨਾਂ ਨੇ ਕਿਹਾ ਕਿ ਅੱਖਾਂ ਦੀ ਕਿਸੇ ਤਕਲੀਫ ਨੂੰ ਅੱਖੋਂ ਪਰੋਖੇ ਨਹੀਂ ਕਰਨਾ ਚਾਹੀਦਾ। ਉਹਨਾ ਇਹ ਭਰੋਸਾ ਵੀ ਦਿੱਤਾ ਕਿ ਉਹਨਾਂ ਦਾ ਹਸਪਤਾਲ ਵੱਧ ਤੋਂ ਵੱਧ ਲੋੜਵੰਦਾਂ ਦੀਆਂ ਅੱਖਾਂ ਦਾ ਆਪਰੇਸ਼ਨ ਕਰਵਾਉਣ ਵਿੱਚ ਸਭਾ ਨੂੰ ਸਹਿਯੋਗ ਦਿੰਦਾ ਰਹੇਗਾ। ਜਸਵੀਰ ਸਿੰਘ ਸੇਵਾਮੁਕਤ ਡੀ.ਐੱਸ.ਪੀ.ਨੇ ਸਰਬ ਨੌਜਵਾਨ ਸਭਾ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਬਹੁਤ ਹੀ ਸ਼ਲਾਘਾਯੋਗ ਉਪਰਾਲਾ ਹੈ। ਜਿਸ ਨਾਲ ਨੇਤਰਹੀਣਾਂ ਦੀਆਂ ਅੱਖਾਂ ਨੂੰ ਨਵੀਂ ਰੌਸ਼ਨੀ ਮਿਲ ਰਹੀ ਹੈ। ਸਭਾ ਦੇ ਪ੍ਰਧਾਨ ਸੁਖਵਿੰਦਰ ਸਿੰਘ ਤੇ ਸਮਾਜ ਸੇਵਕ ਜਤਿੰਦਰ ਸਿੰਘ ਕੁੰਦੀ ਨੇ ਸਭਾ ਦੇ ਪ੍ਰੋਜੈਕਟਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਸਭਾ ਵਲੋਂ ਪਤਵੰਤਿਆਂ ਨੂੰ ਸਨਮਾਨਤ ਵੀ ਕੀਤਾ ਗਿਆ। ਸਟੇਜ ਦੀ ਸੇਵਾ ਹਰਜਿੰਦਰ ਗੋਗਨਾ ਵਲੋਂ ਨਿਭਾਈ ਗਈ। ਇਸ ਮੌਕੇ ਸਭਾ ਦੇ ਉਪ ਪ੍ਰਧਾਨ ਰਵਿੰਦਰ ਸਿੰਘ ਰਾਏ, ਜਨਰਲ ਸਕੱਤਰ ਡਾ.ਵਿਜੇ ਕੁਮਾਰ, ਆਰ.ਪੀ.ਸ਼ਰਮਾ, ਨਰਿੰਦਰ ਸੈਣੀ, ਅਸ਼ੋਕ ਸ਼ਰਮਾ, ਗੁਰਦੀਪ ਸਿੰਘ ਤੁਲੀ ਕੋਆਰਡੀਨੇਟਰ ਵਪਾਰ ਸੈਲ ਫਗਵਾੜਾ, ਪਰਮਜੀਤ ਰਾਏ, ਪ੍ਰਵਾਸੀ ਭਾਰਤੀ ਮਦਨ ਲਾਲ ਕੋਰੋਟਾਨਿਆ, ਜਗਜੀਤ ਸੇਠ, ਜੀਤ ਰਾਮ, ਸਤੀਸ਼ ਕੁਮਾਰ ਬੰਟੀ, ਅਸ਼ੋਕ ਕੁਮਾਰ ਆਦਿ ਹਾਜ਼ਰ ਸਨ।

# ਉਪ ਮੰਡਲ ਹਦੀਆਬਾਦ ਫਗਵਾੜਾ ਦੇ ਨਵ ਨਿਯੁਕਤ ਅਡੀਸ਼ਨਲ ਐਸ ਡੀ ਓ ਜੋਬਨਪ੍ਰੀਤ ਨੇ ਅਪਣਾ ਅਹੁੱਦਾ ਸੰਭਾਲ ਅਪਣਾ ਕੰਮਕਾਜ ਸ਼ੁਰੂ ਕੀਤਾ



ਫਗਵਾੜਾ (ਸੁਸ਼ੀਲ ਸ਼ਰਮਾ )ਪੀ ਐਸ ਪੀ ਸੀ ਐਲ ਉਪ ਮੰਡਲ ਹਦੀਆਬਾਦ ਫਗਵਾੜਾ ਦੇ ਨਵ ਨਿਯੁਕਤ ਅਡੀਸ਼ਨਲ ਐਸ ਡੀ ਓ ਜੋਬਨਪ੍ਰੀਤ ਨੇ ਅਪਣਾ ਅਹੁੱਦਾ ਸੰਭਾਲ ਅਪਣਾ ਕੰਮਕਾਜ ਸ਼ੁਰੂ ਕਰ ਦਿੱਤਾ ਹੈ ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਉਨ੍ਹਾਂ ਸਮੂਹ ਖੱਪਤਕਾਰਾਂ ਨੂੰ ਅਪੀਲ ਕੀਤੀ ਕਿ ਜਿਹੜੇ ਖੱਪਤਕਾਰਾਂ ਦੇ ਬਿੱਲ ਕਾਫੀ ਸਮੇ ਤੋਂ ਬਕਾਇਆ ਖੜ੍ਹੇ ਹਨ ਉਹ ਤੁਰੰਤ ਜਮਾਂ ਕਰਵਾਉਣ ਲਈ ਮਹਿਕਮੇਂ ਵਲੋਂ ਵੱਖਰੀਆ ਵਖਰੀਆਂ ਸੁਵਿਧਾਵਾਂ ਦਿੱਤੀਆਂ ਗਈਆਂ ਹਨ ਜਿਨ੍ਹਾਂ ਚ ਆਨਲਾਈਨ( ਬਿਲਿੰਗ ਡੈਸਕ) ਖਿੜਕੀ ਉਪਰ ਜਾਕੇ ਜਮਾਂ ਕਰਵਾਉਣਾ ਉਨ੍ਹਾਂ ਇਹ ਵੀ ਦੱਸਿਆ ਕਿ ਜਿਹੜੇ ਨਵੇਂ ਸਮਾਰਟ ਮੀਟਰ ਲਗ ਰਹੇ ਹਨ ਉਨ੍ਹਾਂ ਦੇ ਮੈਨੂਅਲ ਬਿੱਲ ਨਹੀ ਆਉਣਗੇ ਉਸ ਦਾ ਸਿਰਫ ਫੋਨ ਤੇ ਮੈਸੇਜ ਹੀ ਆਵੇਗਾ ਜਿਸ ਨੂੰ ਵੇਖ ਕੇ ਬਿੱਲ ਜਮ੍ਹਾਂ ਕਰਵਾਇਆ ਜਾ ਸਕਦਾ ਹੈ ਉਨ੍ਹਾਂ ਇਹ ਵੀ ਦੱਸਿਆ ਕਿ ਜਿਨ੍ਹਾਂ ਖੱਪਤਕਾਰਾਂ ਦੀ ਡਿਫਾਲਟਿੰਗ ਅਮਾਊਟ ਕਾਫ਼ੀ ਸਮੇ ਤੋਂ ਖੜ੍ਹੀ ਹੈ ਉਨ੍ਹਾਂ ਦੇ ਕੁਨੈਕਸ਼ਨ ਕੱਟੇ ਜਾ ਰਹੇ ਹਨ ਅਤੇ ਵੱਡੀਆ ਅਮਾਊਟਾ ਵਾਲਿਆ ਖੱਪਤਕਾਰਾਂ ਦੇ ਮੀਟਰ ਵੀ ਉਤਾਰੇ ਜਾ ਰਹੇ ਹਨ ਉਨ੍ਹਾਂ ਬਿਜਲੀ ਦੀ ਚੋਰੀ ਕਰਨ ਵਾਲਿਆ ਨੂੰ ਤਾੜਨਾ ਕੀਤੀ ਕਿ ਜੇਕਰ ਕੋਈ ਬਿਜਲੀ ਚੋਰੀ ਕਰਦਾ ਫੜਿਆ ਗਿਆ ਤਾ ਉਸ ਉਪਰ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ

# ਸੁਖਬੀਰ ਬਾਦਲ ਦਾ ਗੁਰੂ ਸਾਹਿਬ ’ਤੇ ਅਟੁੱਟ ਵਿਸ਼ਵਾਸ਼ ਪਾਪੀਆਂ ਨੂੰ ਬਰਦਾਸ਼ਤ ਨਹੀਂ - ਖੁਰਾਣਾ/ਚੰਦੀ





ਫਗਵਾੜਾ ( ਸੁਸ਼ੀਲ ਸ਼ਰਮਾ ) ਸ਼੍ਰੋਮਣੀ ਅਕਾਲੀ ਦਲ (ਬ) ਦੇ ਕੌਮੀ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ ਉੱਪਰ ਅੱਜ ਦਰਬਾਰ ਸਾਹਿਬ ਸ਼੍ਰੀ ਅੰਮ੍ਰਿਤਸਰ ਵਿਖੇ ਹੋਏ ਹਮਲੇ ਦੀ ਨਖੇਦੀ ਕਰਦਿਆਂ ਪਾਰਟੀ ਦੇ ਹਲਕਾ ਫਗਵਾੜਾ ਸ਼ਹਿਰੀ ਇੰਚਾਰਜ ਰਣਜੀਤ ਸਿੰਘ ਖੁਰਾਣਾ ਅਤੇ ਦਿਹਾਤੀ ਇੰਚਾਰਜ ਰਾਜਿੰਦਰ ਸਿੰਘ ਚੰਦੀ ਨੇ ਕਿਹਾ ਕਿ ਇਹ ਹਮਲਾ ਇਸ ਗੱਲ ਦੀ ਤਸਦੀਕ ਹੈ ਕਿ ਸੁਖਬੀਰ ਸਿੰਘ ਬਾਦਲ ਦਾ ਗੁਰੂ ਸਾਹਿਬ ‘ਤੇ ਅਟੁੱਟ ਵਿਸ਼ਵਾਸ ਪਾਪੀਆਂ ਨੂੰ ਬਿਲਕੁਲ ਵੀ ਬਰਦਾਸ਼ਤ ਨਹੀਂ ਹੋ ਰਿਹਾ। ਉਹਨਾਂ ਦਰਬਾਰ ਸਾਹਿਬ ਵਿਖੇ ਸਿੱਖਾਂ ਦੀ ਸਰਬਉੱਚ ਅਸਥਾਨ ਸ਼੍ਰੀ ਅਕਾਲ ਤਖ਼ਤ ਸਾਹਿਬ ਦੇ ਹੁਕਮ ਮੁਤਾਬਿਕ ਸੇਵਾ ਨਿਭਾ ਰਹੇ ਇਕ ਸਿੱਖ ‘ਤੇ ਇਸ ਤਰ੍ਹਾਂ ਹਮਲੇ ਨੂੰ ਕਾਇਰਤਾ ਦੀ ਹੱਦ ਦੱਸਿਆ ਅਤੇ ਪਰਮਾਤਮਾ ਦਾ ਸ਼ੁਕਰਾਨਾ ਕਰਦਿਆਂ ਕਿਹਾ ਕਿ ਧੰਨ ਧੰਨ ਸ਼੍ਰੀ ਗੁਰੂ ਰਾਮਦਾਸ ਜੀ ਦੀ ਮਿਹਰ ਸਦਕਾ ਬਾਦਲ ਸਾਹਿਬ ਚੜ੍ਹਦੀ ਕਲਾ ’ਚ ਹਨ ਤੇ

# ਪੰਜਾਬ ਦੀ ਕਾਨੂੰਨ ਵਿਵਸਥਾ ਦੇ ਮਾਮਲੇ 'ਚ ਗੰਭੀਰ ਨਹੀਂ ਭਗਵੰਤ ਮਾਨ ਸਰਕਾਰ - ਖਲਵਾੜਾ/ਜੰਡੂ





ਫਗਵਾੜਾ ( ਸੁਸ਼ੀਲ ਸ਼ਰਮਾ ) ਸ਼੍ਰੋਮਣੀ ਅਕਾਲੀ ਦਲ (ਬ) ਐਸ.ਸੀ./ਬੀ.ਸੀ. ਵਿੰਗ ਤਾਲਮੇਲ ਕਮੇਟੀ ਦੇ ਪ੍ਰਧਾਨ ਜਥੇਦਾਰ ਸਰੂਪ ਸਿੰਘ ਖਲਵਾੜਾ ਅਤੇ ਸਕੱਤਰ ਪਰਮਿੰਦਰ ਸਿੰਘ ਜੰਡੂ ਨੇ ਦਰਬਾਰ ਸਾਹਿਬ ਸ਼੍ਰੀ ਅੰਮ੍ਰਿਤਸਰ ਵਿਖੇ ਸ਼੍ਰੋਮਣੀ ਅਕਾਲੀ ਦਲ (ਬ) ਦੇ ਕੌਮੀ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ 'ਤੇ ਅੱਜ ਹੋਏ ਕਾਤਲਾਨਾ ਹਮਲੇ ਨੂੰ ਮੰਦਭਾਗੀ ਅਤੇ ਨਿੰਦਣਯੋਗ ਘਟਨਾ ਦੱਸਦਿਆਂ ਸਖ਼ਤ ਨਖੇਦੀ ਕੀਤੀ। ਉਹਨਾਂ ਕਿਹਾ ਕਿ ਦਰਬਾਰ ਸਾਹਿਬ ਵਿਖੇ ਅਜਿਹੀ ਘਟਨਾ ਦਾ ਹੋਣਾ ਹੋਰ ਵੀ ਮੰਦਭਾਗੀ ਗੱਲ ਹੈ। ਉਹਨਾਂ ਸਿੱਧੇ ਤੌਰ ਤੇ ਪੰਜਾਬ ਦੀ ਕਾਨੂੰਨੀ ਵਿਵਸਥਾ ਨੂੰ ਲੈ ਕੇ ਸਵਾਲ ਖੜੇ ਕਰਦਿਆਂ ਕਿਹਾ ਕਿ ਭਗਵੰਤ ਮਾਨ ਸਰਕਾਰ ਲਾਅ ਐਂਡ ਆਰਡਰ ਦੇ ਮਾਮਲੇ ਵਿਚ ਬਿਲਕੁਲ ਵੀ ਗੰਭੀਰ ਨਹੀਂ ਹੈ। ਇਸ ਦੇ ਨਾਲ ਹੀ ਉਹਨਾਂ ਨੇ ਕੇਂਦਰ ਦੀਆਂ ਖੁਫੀਆ ਏਜੰਸੀਆਂ 'ਤੇ ਵੀ ਕਈ ਤਰ੍ਹਾਂ ਦੇ ਸਵਾਲ ਖੜੇ ਕੀਤੇ ਅਤੇ ਕਿਹਾ ਕਿ ਜੇਕਰ ਹਮਲਾਵਰ ਇਕ ਦਿਨ ਪਹਿਲਾਂ ਤੋਂ ਹੀ ਸ਼ੱਕੀ ਹਾਲਤ ਵਿਚ ਉੱਥੇ ਘੁੰਮ ਰਿਹਾ ਸੀ ਤਾਂ ਉਸਨੂੰ ਗਿਰਫਤਾਰ ਕਿਉਂ ਨਹੀਂ ਕੀਤਾ ਗਿਆ। ਆਖਿਰ ਉਹ ਕਿਹੜੀਆਂ ਤਾਕਤਾਂ ਹਨ ਜੋ ਸੁਖਬੀਰ ਬਾਦਲ ਦੀ ਜਾਨ ਦੀਆਂ ਦੁਸ਼ਮਨ ਹਨ। ਉਹਨਾਂ ਦਾ ਕਤਲ ਕਰਕੇ ਆਖਿਰ ਕਿਸ ਦੇ ਮਨਸੂਬੇ ਪੂਰੇ ਹੋਣਗੇ, ਇਸ ਗੱਲ ਦੀ ਡੂੰਘਾਈ ਨਾਲ ਘੋਖ ਕੀਤੀ ਜਾਣੀ ਜ਼ਰੂਰੀ ਹੈ। ਜਥੇਦਾਰ ਸਰੂਪ ਸਿੰਘ ਖਲਵਾੜਾ ਨੇ ਕਿਹਾ ਕਿ ਸ. ਸੁਖਬੀਰ ਬਾਦਲ ਇਕ ਨਿਮਾਣੇ ਸਿੱਖ ਦੀ ਤਰ੍ਹਾਂ ਸ਼੍ਰੀ ਅਕਾਲ ਤਖਤ ਸਾਹਿਬ ਦੇ ਹੁਕਮ ਦੀ ਪਾਲਣਾ ਕਰਦੇ ਹੋਏ ਸਾਥੀ ਅਕਾਲੀ ਆਗੂਆਂ ਸਮੇਤ ਸਜਾ ਕੱਟ ਰਹੇ ਹਨ। ਉਹਨਾਂ ਨੂੰ ਲੱਗੀ ਸੇਵਾ ਗੁਰੂ ਸਾਹਿਬਾਨ ਵਲੋਂ ਸਥਾਪਤ ਸਰਵਉੱਚ ਤਖ਼ਤ ਦੇ ਸਿੰਘ ਸਾਹਿਬਾਨ ਵਲੋਂ ਤੈਅ ਕੀਤੀ ਗਈ ਹੈ। ਇਸ ਲਈ ਜਿਸ ਨੇ ਵੀ ਸ. ਸੁਖਬੀਰ ਬਾਦਲ ਤੇ ਹਮਲਾ ਕਰਕੇ ਸ਼੍ਰੀ ਅਕਾਲ ਤਖ਼ਤ ਸਾਹਿਬ ਦੇ ਹੁਕਮ ਨੂੰ ਚੁਣੌਤੀ ਦੇਣ ਦੀ ਕੋਸ਼ਿਸ਼ ਕੀਤੀ ਹੈ, ਉਸਨੂੰ ਸਖ਼ਤ ਸਜਾ ਮਿਲਣੀ ਚਾਹੀਦੀ ਹੈ।

# ਐਮਟੀਪੀ ਵਿਭਾਗ ਨੇ ਨਜਾਇਜ਼ ਉਸਾਰੀ ਕਲੋਨੀਆਂ ਤੇ ਚਲਾਇਆ ਡਿੱਚ ਮਸ਼ੀਨ ਦਾ ਪੀਲਾ ਪੰਜਾ



ਅੰਮ੍ਰਿਤਸਰ (ਲੋਕ ਬਾਣੀ)- ਨਗਰ ਨਿਗਮ ਦੇ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਦੇ ਆਦੇਸ਼ਾਂ ਤੋਂ ਬਾਅਦ ਮਿਊਂਸੀਪਲ ਟਾਊਨ ਪਲੈਨਰ ਮਿਹਰਬਾਨ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਦੇ ਚੱਲਦਿਆਂ ਨਜਾਇਜ਼ ਤਰੀਕੇ ਨਾਲ ਤਿਆਰ ਕੀਤੀਆਂ ਜਾ ਰਹੀਆਂ ਕਲੋਨੀਆਂ ਅਤੇ ਨਜਾਇਜ਼ ਉਸਾਰੀਆਂ ਤੇ ਨਗਰ ਨਿਗਮ ਦਾ ਪੀਲਾ ਪੰਜਾ ਚਲਾਇਆ ਗਿਆ।

ਐਮ.ਟੀ.ਪੀ ਮਿਹਰਬਾਨ ਸਿੰਘ ਨੇ ਦੱਸਿਆ ਕਿ ਗੋਲਡਨ ਗੇਟ ਜੀ.ਟੀ ਰੋਡ ਦੇ ਕਰੀਬ ਅਤੇ ਭਾਈ ਮੰਝ ਸਿੰਘ ਰੋਡ ਵਿਖੇ ਨਜਾਇਜ਼ ਤਰੀਕੇ ਨਾਲ ਤਿਆਰ ਕੀਤੀਆਂ ਜਾ ਰਹੀਆਂ ਕਲੋਨੀਆਂ ਤੇ ਕਾਰਵਾਈ ਕਰਦਿਆਂ ਉਸਾਰੀ ਅਧੀਨ ਨਿਰਮਾਣ ਕੰਮਾਂ ਤੇ ਡਿੱਚ ਮਸ਼ੀਨ ਦਾ ਪੀਲਾ ਪੰਜਾ ਚਲਾਇਆ ਗਿਆ। ਇਸ ਤੋਂ ਇਲਾਵਾ ਸਾਊਥ ਜੋਨ ਦੇ ਵਿੱਚ ਹੀ ਗੈਰ ਕਾਨੂੰਨੀ ਤਰੀਕੇ ਨਾਲ ਨਿਰਮਾਣ ਅਧੀਨ ਦੋ ਦੁਕਾਨਾਂ ਦੀਆਂ ਦੀਵਾਰਾਂ ਨੂੰ ਤੋੜਿਆ ਗਿਆ ਜਦਕਿ ਇੱਕ ਦੁਕਾਨ ਨੂੰ ਸੀਲ ਕਰ ਦਿੱਤਾ ਗਿਆ। ਮਿਹਰਬਾਨ ਸਿੰਘ ਨੇ ਸ਼ਹਿਰ ਵਾਸੀਆਂ ਨੂੰ ਅਪੀਲ ਕਰਦੇ ਹੋਏ ਕਿਹਾ ਕਿ ਨਿਰਮਾਣ ਅਧੀਨ ਉਸਾਰੀਆਂ ਨੂੰ ਕਾਨੂੰਨ ਦੇ ਦਾਇਰੇ ਵਿੱਚ ਰਹਿ ਕੇ ਹੀ ਤਿਆਰ ਕਰਵਾਇਆ ਜਾਵੇ। ਉਹਨਾਂ ਨੇ ਕਿਹਾ ਕਿ ਗਲਤ ਤਰੀਕੇ ਨਾਲ ਹੋਣ ਵਾਲੀਆਂ ਉਸਾਰੀਆਂ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਕਾਰਵਾਈ ਦੌਰਾਨ ਵਜ਼ੀਰ ਰਾਜ,ਬਿਲਡਿੰਗ ਇੰਸਪੈਕਟਰ ਮੁਨੀਸ਼ ਅਰੋੜਾ,ਰਾਜਰਾਣੀ ਹੈਪੀ,ਨਰੇਸ਼,ਵਿਕੀ ਸਮੇਤ ਨਗਰ ਨਿਗਮ ਦੇ ਕਈ ਹੋਰ ਕਰਮਚਾਰੀ ਅਤੇ ਪੁਲਿਸ ਕਰਮਚਾਰੀ ਵੀ ਮੌਜੂਦ ਸਨ।

# ਗਲਾਡਾ ਨੇ ਲੁਧਿਆਣਾ ਵਿੱਚ ਦੋ ਅਣਅਧਿਕਾਰਤ ਕਲੋਨੀਆਂ ਨੂੰ ਢਾਹਿਆ



ਲੁਧਿਆਣਾ, (ਸੁਖਚੈਨ ਮਹਿਰਾ) ਗਲਾਡਾ ਦੇ ਮੁੱਖ ਪ੍ਰਸ਼ਾਸਕ ਸ੍ਰੀ ਹਰਪ੍ਰੀਤ ਸਿੰਘ, ਆਈ.ਏ.ਐਸ. ਨੇ ਗੈਰ-ਕਾਨੂੰਨੀ ਕਲੋਨੀਆਂ ਤੇ ਵਿਸ਼ੇਸ਼ ਧਿਆਨ ਦੇ ਕੇ ਅਣਅਧਿਕਾਰਤ ਅਤੇ ਗੈਰ-ਯੋਜਨਾਬੱਧ ਵਿਕਾਸ ਨੂੰ ਜ਼ੀਰੋ ਟਾਲਰੈਂਸ ਅਪਣਾਇਆ ਸੀ। ਉਨ੍ਹਾਂ ਕਿਹਾ ਕਿ ਇਨ੍ਹਾਂ ਅਣ-ਅਧਿਕਾਰਤ ਕਲੋਨੀਆਂ ਵਿੱਚ ਸਸਤੇ ਪਲਾਟ ਦੇਣ ਦੀ ਆੜ ਵਿੱਚ ਭੋਲੇ-ਭਾਲੇ ਵਸਨੀਕਾਂ ਨਾਲ ਧੱਕੇਸ਼ਾਹੀ ਕਰਨ ਵਾਲਿਆਂ ਖ਼ਿਲਾਫ਼ ਸਖ਼ਤ ਕਾਰਵਾਈ ਕਰਨ ਲਈ ਇੱਕ ਵਿਸ਼ੇਸ਼ ਮੁਹਿੰਮ ਵੀ ਚਲਾਈ ਗਈ ਹੈ, ਜਿਨ੍ਹਾਂ ਵਿੱਚ ਕਾਨੂੰਨੀ ਪ੍ਰਵਾਨਗੀ ਅਤੇ ਸਰਕਾਰੀ ਨਿਯਮਾਂ ਦੇ ਪਾਲਣਾ ਦੀ ਘਾਟ ਹੈ।

ਵਧੀਕ ਮੁੱਖ ਪ੍ਰਸ਼ਾਸਕ ਗਲਾਡਾ, ਲੁਧਿਆਣਾ ਵੱਲੋਂ ਅਣਅਧਿਕਾਰਤ ਕਲੋਨੀਆਂ ਨੂੰ ਢਾਹੁਣ ਦੇ ਹੁਕਮਾਂ ਦੀ ਪਾਲਣਾ ਕਰਦਿਆਂ, ਡਿਊਟੀ ਮੈਜਿਸਟ੍ਰੇਟ, ਪੁਲਿਸ ਫੋਰਸ ਅਤੇ ਗਲਾਡਾ ਰੈਗੂਲੇਟਰੀ ਵਿੰਗ ਦੀ ਇਨਫੋਰਸਮੈਂਟ ਟੀਮ ਨੇ 04 ਦਸੰਬਰ 2024 ਨੂੰ ਪਿੰਡ ਧਾਂਦਰਾ ਲੁਧਿਆਣਾ ਵਿਖੇ ਦੋ ਅਣਅਧਿਕਾਰਤ ਕਾਲੋਨੀਆਂ ਦੀਆਂ ਨਜਾਇਜ਼ ਸੜਕ ਅਤੇ ਇਹਨਾਂ ਥਾਵਾਂ ਤੇ ਹੋਰ ਨਾਜਾਇਜ਼ ਉਸਾਰੀਆਂ ਅਤੇ ਢਾਂਚਿਆਂ ਨੂੰ ਢਹਿ-ਢੇਰੀ ਕੀਤਾ ਗਿਆ।

ਜਦੋਂ ਡਿਵੈਲਪਰਾਂ ਨੂੰ ਨੋਟਿਸ ਦੇਣ ਦੇ ਬਾਵਜੂਦ ਵੀ ਉਹਨਾਂ ਗੈਰ-ਕਾਨੂੰਨੀ ਉਸਾਰੀ ਦਾ ਕੰਮ ਬੰਦ ਨਹੀਂ ਕੀਤਾ ਤਾਂ ਇਕ ਵਿਸ਼ੇਸ਼ ਟੀਮ ਨੇ ਢਾਹੁਣ ਦੀ ਮੁਹਿੰਮ ਚਲਾਈ, ਜੋ ਬਿਨਾਂ ਵਿਰੋਧ ਹੋ ਗਈ। ਸ਼ੁਰੂਆਤੀ ਪੜਾਅ ਤੇ ਗੈਰ-ਕਾਨੂੰਨੀ ਕਲੋਨੀਆਂ ਦੇ ਵਧਣ ਨੂੰ ਰੋਕਣ ਲਈ ਗਲਾਡਾ ਆਉਣ ਵਾਲੇ ਹਫ਼ਤਿਆਂ ਵਿੱਚ ਅਜਿਹੀਆਂ ਹੋਰ ਮੁਹਿੰਮਾਂ ਦੀ ਯੋਜਨਾ ਬਣਾ ਰਿਹਾ ਹੈ।

ਮੁੱਖ ਪ੍ਰਸ਼ਾਸਕ, ਗਲਾਡਾ ਨੇ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਅਣਅਧਿਕਾਰਤ ਕਲੋਨੀਆਂ ਵਿੱਚ ਜਾਇਦਾਦ/ਪਲਾਟ/ਇਮਾਰਤਾਂ ਦੀ ਖਰੀਦ ਨਾ ਕਰਨ ਕਿਉਂਕਿ ਗਲਾਡਾ ਕੋਈ ਵੀ ਸਹੂਲਤ ਜਿਵੇਂ ਕਿ ਵਾਟਰ ਸਪਲਾਈ, ਸੀਵਰੇਜ, ਬਿਜਲੀ ਕੁਨੈਕਸ਼ਨ, ਸਟਰੀਟ ਲਾਈਟਾਂ ਆਦਿ ਪ੍ਰਦਾਨ ਨਹੀਂ ਕਰੇਗਾ। ਉਨ੍ਹਾਂ ਦੇ ਮਨਜ਼ੂਰ ਕੀਤੇ ਨਕਸ਼ੇ ਗਲਾਡਾ ਦੀ ਅਧਿਕਾਰਤ ਵੈੱਬਸਾਈਟ ਤੇ ਉਪਲਬਧ ਹਨ, ਜੋ ਕਿ ਸੰਭਾਵੀ ਖਰੀਦਦਾਰਾਂ ਦੁਆਰਾ ਕੋਈ ਵੀ ਜਾਇਦਾਦ ਖਰੀਦਣ ਤੋਂ ਪਹਿਲਾਂ ਜਾਂਚੇ ਜਾ ਸਕਦੇ ਹਨ।

ਗਲਾਡਾ ਦੇ ਵਧੀਕ ਮੁੱਖ ਪ੍ਰਸ਼ਾਸਕ ਨੇ ਦੱਸਿਆ ਕਿ ਗੈਰ-ਕਾਨੂੰਨੀ ਕਲੋਨੀਆਂ ਤੇ ਕਾਰਵਾਈ ਦੀ ਮੁਹਿੰਮ ਚਲਾਉਣ ਦੇ ਨਾਲ-ਨਾਲ ਅਜਿਹੀਆਂ ਕਲੋਨੀਆਂ ਦੇ ਡਿਵੈਲਪਰਾਂ ਵਿਰੁੱਧ ਐਫ.ਆਈ.ਆਰ, ਕਲੋਨੀਆਂ ਵਿੱਚ ਪਲਾਟਾਂ ਦੀ ਰਜਿਸਟਰੀ ਨਾ ਕਰਵਾਉਣ ਲਈ ਸਬੰਧਤ ਤਹਿਸੀਲਦਾਰਾਂ, ਬਿਜਲੀ ਦੇ ਕੁਨੈਕਸ਼ਨ ਨਾ ਦੇਣ ਲਈ ਪੀ.ਐਸ.ਪੀ.ਸੀ.ਐਲ. ਨੂੰ ਵੀ ਅਗਾਊਂ ਸਿਫਾਰਸ਼ ਕੀਤੀ ਗਈ ਹੈ।

# ਵਿਆਹ ਦੀ ਵਰੇਗੰਡ ਦੀਆਂ ਵਧਾਈਆਂ




ਰੰਜਨ ਸ਼ਰਮਾ ਅਤੇ ਸ਼ੀਆ ਸ਼ਰਮਾ ਨੂੰ ਵਿਆਹ ਦੀ ਵਰੇਗੰਡ ਤੇ ਏਕਨੂਰ ਸੇਵਾ ਟਰੱਸਟ ਤੇ ਪ੍ਰਧਾਨ ਅਰਵਿੰਦਰ ਵੜੈਚ ਅਤੇ ਸਮੂਹ ਮੈਂਬਰਾਂ ਵੱਲੋਂ ਲੱਖ ਲੱਖ ਵਧਾਈਆਂ

ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖਬਰਾਂ , ਰਿਪੋਰਟਾਂ , ਲੇਕ, ਕਹਾਣੀਆਂ, ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ । ਸੂਚਨਾਂ, ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜੰਮੇਵਾਰੀ ਨਹੀ ਲੈਦੇ ਕਿਉਂਕਿ ਅਖਬਾਰ ਇੰਨਾ ਨੂੰ ਤਸਦੀਕ ਨਹੀਂ ਕਰਦਾ ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ । ਕਿ ਉਹ ਇੰਨਾ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀਕਰ ਲੈਣ।ਰੋਜ਼ਾਨਾਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀ । ਖਬਰਾਂ ਪ੍ਰਤੀ ਜਿੰਮੇਵਾਰੀ ਪੱਤਰਕਾਰ ਦੀ ਹੋਵੇਗੀ ।

Daily Lok Bani(Punjabi) R.N.I. Punpun/29016/2008 Editor, owner, Printer , Publisher, Amandeep Mehra , Printed at Rachna Printers , Railway Road Jalandhar Place of Publication :308 Sangam Complex milap Chowk , Jalandhar (India), Contact No.: 0181-2211009, Fax : 2211009, Email id : lokbani08@gmail.com, Editormehra@gmail.com

# ਬੰਗਲਾਦੇਸ਼ ਵਿਚ ਹਿੰਦੂਆਂ ਤੇ ਹੋ ਰਹੇ ਅਤਿਆਚਾਰਾਂ ਦੇ ਰੋਸ ਵਜੋਂ ਕੀਤਾ ਸ਼ਾਂਤਮਈ ਰੋਸ ਪ੍ਰਦਰਸ਼ਨ



ਅੰਮ੍ਰਿਤਸਰ (ਲੋਕ ਬਾਣੀ) ਬੰਗਲਾਦੇਸ਼ ਵਿਚ ਰਹਿ ਰਹੇ ਹਿੰਦੂਆਂ ਤੇ ਹੋ ਰਹੇ ਅਤਿਆਚਾਰਾਂ ਅਤੇ ਢਾਕਾ ਦੇ ਹਜ਼ਰਤ ਸ਼ਾਹਜਲਾਲ ਅੰਤਰਰਾਸ਼ਟਰੀ ਹਵਾਈ ਅੱਡੇ ਤੇ ਸੰਤ ਚਿੰਨਮਯ ਦਾਸ ਨੂੰ ਗ੍ਰਿਫਤਾਰ ਕੀਤੇ ਜਾਣ ਦੇ ਰੋਸ ਵਿਚ ਭਾਰਤੀ ਜਨਤਾ ਪਾਰਟੀ ਕਸ਼ਮੀਰ ਨੌਰਥ ਮੰਡਲ ਦੇ ਪ੍ਰਧਾਨ ਅਮਿਤ ਅਬਰੋਲ ਦੀ ਅਗਵਾਈ ਵਿਚ ਹਰੀ ਮੰਦਰ, ਇੱਕ ਦੋ ਹੀ ਆ ਮਾਤਾ ਕੋਲਾ ਮਾਰਗ ਵਿਖੇ ਸ਼੍ਰੀ ਹਨੂੰਮਾਨ ਚਾਲੀਸਾ ਦੇ ਪਾਠ ਕਰਨ ਤੋਂ ਬਾਅਦ ਸ਼ਾਂਤਮਈ ਰੋਸ ਪ੍ਰਦਰਸ਼ਨ ਕੀਤਾ ਗਿਆ। ਜਿਸ ਵਿਚ ਵਿਸ਼ੇਸ਼ ਤੋਰ ਤੇ ਹਲਕਾ ਉਤਰੀ ਦੇ ਇੰਚਾਰਜ ਸੁਖਮਿੰਦਰ ਸਿੰਘ ਪਿੰਟੂ, ਮੰਦਰ ਕਮੇਟੀ ਪ੍ਰਧਾਨ ਸੁਰਿੰਦਰ ਮਹਾਜਨ, ਇੰਦਰਪਾਲ ਹੈਪੀ, ਰਾਮ ਪਾਲ ਸ਼ਰਮਾ, ਮਹਾ ਮੰਤਰੀ ਸੁਨੀਲ ਰਾਜਾ, ਉਪ ਪ੍ਰਧਾਨ ਆਤਮ ਚੱਡਾ, ਚੇਤਨ ਸ਼ਰਮਾ, ਦੇਵ ਮੋਦੀ, ਨਵਦੀਪ ਸ਼ਰਮਾ, ਕੁਨਾਲ ਟੰਡਨ, ਮਨੀਸ਼ ਗੁਪਤਾ ਪਹੁੰਚੇ। ਸਮੂਹ ਅਹੁਦੇਦਾਰਾਂ ਨੇ ਗੱਲਬਾਤ ਕਰਦਿਆਂ ਕਿਹਾ ਕਿ ਬੰਗਲਾਦੇਸ਼ ਵਿਚ ਰਹਿ ਰਹੇ ਹਿੰਦੂਆਂ ਤੇ ਪਿਛਲੇ ਕੁਝ ਮਹੀਨਿਆਂ ਤੋਂ ਅਤਿਆਚਾਰ ਕੀਤੇ ਜਾ ਰਹੇ ਹਨ ਅਤੇ ਹਿੰਦੂ ਮੰਦਰਾਂ ਨੂੰ ਤੋੜਿਆ ਜਾ ਰਿਹਾ ਹੈ। ਜਿਸ ਨਾਲ ਪੂਰੇ ਵਿਸ਼ਵ ਵਿਚ ਵਸਦੇ ਹਿੰਦੂਆਂ ਚ ਭਾਰੀ ਰੋਸ ਦੀ ਲਹਿਰ ਹੈ। ਉਨ੍ਹਾਂ ਕਿਹਾ ਕਿ ਹਲਕਾ ਉਤਰੀ ਦੇ ਸਮੂਹ ਮੰਦਰਾਂ ਵਿਚ ਸ਼ਾਂਤਮਈ ਢੰਗ ਨਾਲ ਰੋਸ ਪ੍ਰਦਰਸ਼ਨ ਕੀਤੇ ਜਾਣਗੇ ਤਾਂ ਜੋ ਹਿੰਦੂਆਂ ਦੀ ਅਵਾਜ ਨੂੰ ਬੁਲੰਦ ਕਰਕੇ ਇਕ ਪਲੇਟਫਾਰਮ ਤੇ ਇਕੱਠਾ ਕੀਤਾ ਜਾ ਸਕੇ। ਉਨ੍ਹਾਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੋਂ ਮੰਗ ਕੀਤੀ ਕਿ ਬੰਗਲਾਦੇਸ਼ ਵਿੱਚ ਰਹਿੰਦੇ ਹਿੰਦੂਆਂ ਅਤੇ ਮੰਦਰਾਂ ਦੀ ਸੁਰੱਖਿਆ ਨੂੰ ਲੈ ਕੇ ਵਿਸ਼ਵ ਪੱਧਰ ਤੇ ਗੱਲਬਾਤ ਕੀਤੀ ਜਾਵੇ।

# ਲੁਧਿਆਣਾ ਪੁਲਿਸ ਨੇ ਨਜਾਇਜ ਅਸਲੇ ਸਮੇਤ ਦੋਸ਼ੀ ਨੂੰ ਕੀਤਾ ਕਾਬੂ




ਲੁਧਿਆਣਾ :(ਵਰਿੰਦਰ ਪ੍ਰਕਾਸ਼ ਭਾਂਬਰੀ / ਸੁਖਚੈਨ ਮਹਿਰਾ) ਮਾਨਯੋਗ ਸ਼੍ਰੀ ਕੁਲਦੀਪ ਸਿੰਘ ਚਾਹਲ ਆਈ.ਪੀ.ਐਸ ਕਮਿਸ਼ਨਰ ਪੁਲਿਸ ਲੁਧਿਆਣਾ ਵੱਲੋ ਮਾੜੇ ਅਨਸਰਾ ਦੇ ਖਿਲਾਫ ਚਲਾਈ ਵਿਸ਼ੇਸ਼ ਮੁਹਿੰਮ ਤਹਿਤ ਸ਼੍ਰੀ ਸ਼ੁਭਮ ਅਗਰਵਾਲ ਆਈ. ਪੀ.ਐਸ ਡੀ.ਸੀ.ਪੀ ਇੰਨਵੈਸਟੀਗੇਸ਼ਨ ਲੁਧਿਆਣਾ ਅਤੇ ਸ਼੍ਰੀ ਅਮਨਦੀਪ ਸਿੰਘ ਬਰਾੜ ਪੀ.ਪੀ.ਐਸ ਏ.ਡੀ.ਸੀ.ਪੀ ਇੰਨਵੈਸਟੀਗੇਸ਼ਨ ਲੁਧਿਆਣਾ ਅਤੇ ਸ਼੍ਰੀ ਪਵਨਜੀਤ ਪੀ.ਪੀ.ਐਸ ਏ.ਡੀ.ਸੀ.ਪੀ ਲੁਧਿਆਣਾ ਜੀ ਦੇ ਦਿਸ਼ਾ-ਨਿਰਦੇਸ਼ ਅਨੁਸਾਰ ਐਸ.ਆਈ ਗੁਰਪ੍ਰੀਤ ਸਿੰਘ ਇੰਚਾਰਜ ਕ੍ਰਾਇਮ ਬ੍ਰਾਂਚ -2 ਲੁਧਿਆਣਾ ਦੀ ਪੁਲਿਸ ਟੀਮ ਨੇ ਇੱਕ ਨਾਕਾ ਨੇੜੇ ਪਾਣੀ ਵਾਲੀ ਟੈਂਕੀ ਸ਼ੇਰਪੁਰ ਮੇਨ ਰੋਡ ਫੋਕਲ ਪੁਆਇੰਟ ਸਥਿਤ ਇਕ ਮੋਟਰਸਾਈਕਲ ਸਵਾਰ ਨੂੰ ਰੋਕ ਕੇ ਚੈਕਿੰਗ ਦੌਰਾਨ ਵਿਅਕਤੀ ਨੂੰ ਕਾਬੂ ਕੀਤਾ।ਇਸ ਦੋਸ਼ੀ ਦੀ ਏ.ਐਸ.ਆਈ ਸ਼ੇਠੀ ਕੁਮਾਰ ਨੂੰ ਇਤਲਾਹ ਮਿਲੀ ਕਿ ਅਜੀਤ ਸਿੰਘ ਉਰਫ ਭੂਮੀਆ ਉਰਫ ਅਜੇ ਪੁੱਤਰ ਦਾਰਾ ਸਿੰਘ ਵਾਸੀ ਗਲੀ ਨੰਬਰ 03 ਮੁਹੱਲਾ ਮਹਾਂਦੇਵ ਨਗਰ ਗਿਆਸਪੁਰਾ ਲੁਧਿਆਣਾ ਦਾ ਰਹਿਣ ਵਾਲਾ ਹੈ ਜਿਸ ਦੇ ਖਿਲਾਫ ਪਹਿਲਾਂ ਵੀ ਧੋਖਾ ਧੜੀ ਅਤੇ ਲੜਾਈ ਝਗੜੇ ਦੇ ਮੁਕੱਦਮੇ ਦਰਜ ਹਨ। ਜਿਸ ਨੇ ਅਪਣੇ ਪਾਸ ਨਜਾਇਜ ਅਸਲਾ ਰੱਖਿਆ ਹੋਇਆ ਹੈ ਜਿਸਦੇ ਪਾਸ ਅਸਲਾ ਰੱਖਣ ਸੰਬਧੀ ਕੋਈ ਲਾਇਸੈਂਸ ਨਹੀ ਹੈ ਜੋ ਅਜੀਤ ਸਿੰਘ ਉਰਫ ਭੂਮੀਆ ਉਰਫ ਅਜੇ ਹੁਣ ਵੀ ਕਿਸੇ ਵਾਰਦਾਤ ਨੂੰ ਅੰਜਾਮ ਦੇਣ ਲਈ ਫੋਜੀ ਕਾਲੋਨੀ ਦੀ ਬੈਕ ਸਾਈਡ ਬੰਟੀ ਡੇਅਰੀ ਨੇੜੇ ਖਾਲੀ ਪਲਾਟ ਵਿੱਚ ਖੜਾ ਹੈ ।ਪੁਲਿਸ ਟੀਮ ਵੱਲੋ ਮੌਕੇ ਤੇ ਰੇਡ ਕੀਤੀ ਤਾਂ ਅਜੀਤ ਸਿੰਘ ਉਰਫ ਭੂਮੀਆ ਉਰਫ ਅਜੇ ਨੂੰ ਨਜਾਇਜ ਅਸਲੇ ਸਮੇਤ ਕਾਬੂ ਕੀਤਾ।ਜਿਸਦੇ ਖਿਲਾਫ ਤੁਰੰਤ ਕਾਰਵਾਈ ਕਰਦੇ ਹੋਏ ਮੁਕੱਦਮਾਂ ਨੰਬਰ 199 ਮਿਤੀ 2-12-24 ਅ/ਧ 25.54.59 1 ▲✵☨ ਥਾਣਾ ਮੋਤੀ ਨਗਰ ਲੁਧਿਆਣਾ ਵਿਖੇ ਦਰਜ ਕਰਕੇ ਦੋਸ਼ੀ ਅਜੀਤ ਸਿੰਘ ਉਰਫ ਭੂਮੀਆ ਉਰਫ ਅਜੇ 32 ਬੋਰ ਦੇਸ਼ੀ ਪਿਸਟਲ ਅਤੇ 2 ਰੋਂਦ ਜਿੰਦਾ ਸਮੇਤ ਕਾਬੂ ਕਿਤਾ ਗਿਆ। ਦੋਸ਼ੀ ਅਜੀਤ ਸਿੰਘ ਉਰਫ ਭੂਮੀਆ ਉਰਫ ਅਜੇ ਨੂੰ ਅੱਜ ਮਾਣਯੋਗ ਅਦਾਲਤ ਵਿੱਚ ਦੁਬਾਰਾ ਪੇਸ਼ ਕਰਕੇ ਹੋਰ ਪੁਲਿਸ ਰਿਮਾਂਡ ਹਾਸਲ ਕਰ ਕੇ ਬ੍ਰਾਮਦ ਅਸਲੇ ਵਾਰੇ ਡੂੰਘਾਈ ਵਿੱਚ ਦੋਸ਼ੀ ਕੋਲੋਂ ਪੁੱਛ-ਗਿੱਛ ਕੀਤੀ ਜਾਵੇ ਗੀ।


# ਬਾਬਾ ਬਲਕਾਰ ਸਿੰਘ ਵਲੋਂ ਲੋੜਵੰਦਾਂ ਨੂੰ ਗਰਮ ਸ਼ਾਲ ਕੀਤੇ ਭੇਂਟ।



ਦੀਨਾਨਗਰ (ਡਾ.ਰਮੇਸ਼ ਸਰੰਗਲ ) ਮੰਦਰ ਬਾਬਾ ਵਡਭਾਗ ਸਿੰਘ ਅਤੇ ਬਾਬਾ ਬਾਲਕ ਨਾਥ ਵੈਲਫੇਅਰ ਸੋਸਾਇਟੀ ਝੰਡੇ ਚੱਕ ਵੱਲੋਂ ਬਾਬਾ ਬਲਕਾਰ ਸਿੰਘ ਜੀ ਦੀ ਅਗਵਾਈ ਹੇਠ ਮੁੱਖ ਸੇਵਾਦਾਰ ਕਰਨੈਲ ਸਿੰਘ ਸੋਨੂ ,ਪ੍ਰਧਾਨ ਅਮਰਿੰਦਰ ਸਿੰਘ ਅਤੇ ਕੈਸ਼ੀਅਰ ਅਵਤਾਰ ਸਿੰਘ ਜੀ ਦੀ ਮੌਜੂਦਗੀ ਵਿੱਚ ਪਿੰਡ ਅੱਬਲ ਖੈਰ ਵਿਖੇ ਜਰੂਰਤਮੰਦ ਪਰਿਵਾਰਾਂ ਨੂੰ ਸਰਦੀਆਂ ਦੇ ਮੌਸਮ ਨੂੰ ਮੁੱਖ ਰੱਖਦੇ ਹੋਏ 300 ਤੋਂ ਜ਼ਿਆਦਾ ਲੋਈਆਂ ਅਤੇ ਸੋਲ ਮੁਹਈਆ ਕਰਵਾਏ ਗਏ ਇਸ ਮੌਕੇ ਪਿੰਡ ਅੱਬਲ ਖਹਿਰ ਦੀ ਸਮੁੱਚੀ ਪੰਚਾਇਤ ਸਰਪੰਚ ਐਡਵੋਕੇਟ ਹਰਜੋਤ ਸਿੰਘ ਅਤੇ ਪਿੰਡ ਝੰਡੇ ਚੱਕ ਦੇ ਸਰਪੰਚ ਰਾਜਵੀਰ ਸਿੰਘ ਜੀ ਵੀ ਮੌਜੂਦ ਰਹੇ.ਇਸ ਮੌਕੇ ਬਾਬਾ ਜੀ ਨੇ ਸਮੁੱਚੀ ਮਾਨਵਤਾ ਨੂੰ ਨਸ਼ਿਆਂ ਤੋਂ ਦੂਰ ਰਹਿਣ ਦੀ ਅਤੇ ਆਪਣੇ ਆਸ ਪਾਸ ਦੇ ਲੋਕਾਂ ਦੀ ਮਦਦ ਕਰਨ ਦੀ ਵੀ ਅਪੀਲ ਕੀਤੀ ਬਾਬਾ ਜੀ ਨੇ ਵਿਸ਼ੇਸ਼ ਤੌਰ ਤੇ ਮੈਡਮ ਅਰੁਣਾ ਚੌਧਰੀ ਅਤੇ ਬਾਊ ਅਸ਼ੋਕ ਜੀ ਦਾ ਧੰਨਵਾਦ ਕੀਤਾ।

# ਤਿੰਨੋਂ ਨਵੇਂ ਕਾਨੂੰਨ ਭਾਰਤੀਆਂ ਦੁਆਰਾ, ਭਾਰਤੀ ਸੰਸਦ ਵਿੱਚ ਅਤੇ ਭਾਰਤੀਆਂ ਨੂੰ ਨਿਆਂ ਅਤੇ ਸੁਰੱਖਿਆ ਪ੍ਰਦਾਨ ਕਰਨ ਲਈ ਬਣਾਏ ਗਏ ਹਨ

ਚੰਡੀਗੜ੍ਹ, (ਲੋਕ ਬਾਣੀ) ਪਿਛਲੇ ਸੱਤ ਦਹਾਕਿਆਂ ਤੋਂ ਜੇਕਰ ਕਿਸੇ ਨੂੰ ਸਾਡੇ ਦੇਸ਼ ਦੀ ਸਭ ਤੋਂ ਕਮਜ਼ੋਰ ਅਤੇ ਕਮਜ਼ੋਰ ਕੜੀ ਮੰਨਿਆ ਜਾ ਰਿਹਾ ਸੀ ਤਾਂ ਉਹ ਸਾਡੇ ਪੁਰਾਣੇ ਕਾਨੂੰਨ ਸਨ। ਜਿਸ ਨੂੰ ਅੰਗਰੇਜ਼ਾਂ ਨੇ ਲਗਭਗ 160 ਸਾਲ ਪਹਿਲਾਂ ਬਣਾਇਆ ਅਤੇ ਤਿਆਰ ਕੀਤਾ ਸੀ। ਉਹ ਕਾਨੂੰਨ ਅੰਗਰੇਜ਼ਾਂ ਨੇ ਆਪਣੇ ਆਪ ਨੂੰ ਧਿਆਨ ਵਿਚ ਰੱਖ ਕੇ ਤਿਆਰ ਕੀਤੇ ਸਨ। ਪਰ ਇਸ ਨੂੰ ਭਾਰਤ ਦੇਸ਼ ਦੀ ਬਦਕਿਸਮਤੀ ਕਹੋ ਜਾਂ ਪਿਛਲੀਆਂ ਸਰਕਾਰਾਂ ਦੀ ਨਾਕਾਮੀ ਜਿਸ ਕਾਰਨ ਆਜ਼ਾਦੀ ਤੋਂ ਬਾਅਦ ਵੀ ਸੱਤ ਦਹਾਕਿਆਂ ਤੱਕ ਭਾਰਤ ਵਿੱਚ ਉਹੀ ਪੁਰਾਣੇ ਕਾਨੂੰਨ ਲਾਗੂ ਰਹੇ।
ਹਾਲਾਂਕਿ ਮੋਦੀ ਜੀ ਨੇ ਦੇਸ਼ ਦਾ ਪ੍ਰਧਾਨ ਮੰਤਰੀ ਬਣਨ ਤੋਂ ਬਾਅਦ ਦੇਸ਼ ਨੂੰ ਗੁਲਾਮੀ ਦੀ ਮਾਨਸਿਕਤਾ ਤੋਂ ਬਾਹਰ ਕੱਢਣ ਦਾ ਬੀੜਾ ਚੁੱਕਿਆ ਹੈ। ਇਸ ਨੂੰ ਪੂਰਾ ਕਰਨ ਲਈ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਤਿੰਨ ਨਵੇਂ ਭਾਰਤੀ ਕਾਨੂੰਨ ਲਾਗੂ ਕੀਤੇ ਹਨ। ਇਨ੍ਹਾਂ ਤਿੰਨਾਂ ਨਵੇਂ ਕਾਨੂੰਨਾਂ ਦਾ ਉਦੇਸ਼ ਭਾਰਤੀ ਨਾਗਰਿਕਾਂ ਨੂੰ ਸਮੇਂ ਸਿਰ ਨਿਆਂ ਅਤੇ ਸੁਰੱਖਿਆ ਪ੍ਰਦਾਨ ਕਰਨਾ ਹੈ। ਤਾਂ ਜੋ ਉਨ੍ਹਾਂ ਦੇ ਕੇਸ ਸਾਲਾਂ ਤੱਕ ਪੈਂਡਿੰਗ ਨਾ ਰਹਿਣ ਅਤੇ ਨਾ ਹੀ ਉਨ੍ਹਾਂ ਨੂੰ ਤਰੀਕਾਂ ਤੋਂ ਬਾਅਦ ਤਰੀਕਾਂ ਮਿਲ ਸਕਣ। ਜਿੱਥੇ ਇੱਕ ਪਾਸੇ ਅੰਗਰੇਜ਼ਾਂ ਵੱਲੋਂ ਬਣਾਏ ਗਏ ਉਨ੍ਹਾਂ ਕਾਨੂੰਨਾਂ ਵਿੱਚ ਭਾਰਤੀ ਨਾਗਰਿਕ ਅਦਾਲਤੀ ਕੇਸਾਂ ਤੋਂ ਪ੍ਰੇਸ਼ਾਨ ਸਨ। ਦੂਜੇ ਪਾਸੇ ਉਨ੍ਹਾਂ ਦੇ ਕੇਸ ਸਾਲਾਂ ਤੋਂ ਲਟਕਦੇ ਰਹੇ। ਇਸ ਲਈ ਤਿੰਨਾਂ ਕਾਨੂੰਨਾਂ ਨੂੰ ਰਾਸ਼ਟਰ ਨੂੰ ਸਮਰਪਿਤ ਕਰਦੇ ਹੋਏ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਕਿਹਾ ਕਿ ਇਨ੍ਹਾਂ ਕਾਨੂੰਨਾਂ ਦੀ ਆਤਮਾ ਭਾਰਤੀ ਹੈ। ਉਨ੍ਹਾਂ ਦਾ ਉਦੇਸ਼ ਭਾਰਤ ਦੇ ਨਾਗਰਿਕਾਂ ਨੂੰ ਨਿਆਂ ਪ੍ਰਦਾਨ ਕਰਨਾ ਹੈ। ਜੇਕਰ ਇਹ ਕਾਨੂੰਨ ਆਉਣ ਵਾਲੇ ਤਿੰਨ ਸਾਲਾਂ ਵਿੱਚ ਪੂਰੀ ਤਰ੍ਹਾਂ ਲਾਗੂ ਹੋ ਜਾਂਦੇ ਹਨ, ਤਾਂ ਸਾਡੀ ਅਪਰਾਧਿਕ ਨਿਆਂ ਪ੍ਰਣਾਲੀ ਦੁਨੀਆ ਦੀ ਸਭ ਤੋਂ ਆਧੁਨਿਕ ਨਿਆਂ ਪ੍ਰਣਾਲੀ ਬਣ ਜਾਵੇਗੀ।




ਇਨ੍ਹਾਂ ਤਿੰਨਾਂ ਨਵੇਂ ਅਪਰਾਧਿਕ ਕਾਨੂੰਨਾਂ ਵਿੱਚ ਸਜ਼ਾ ਲਈ ਕੋਈ ਥਾਂ ਨਹੀਂ ਹੈ, ਸਗੋਂ ਇਹ ਜਲਦੀ ਨਿਆਂ ਪ੍ਰਦਾਨ ਕਰਨਗੇ। ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਕਿਹਾ, ਕਿਸੇ ਵੀ ਐਫਆਈਆਰ ਨੂੰ 3 ਸਾਲ ਦੇ ਅੰਦਰ ਸੁਪਰੀਮ ਕੋਰਟ ਵਿੱਚ ਨਿਆਂ ਮਿਲੇਗਾ। ਜ਼ਾਹਿਰ ਹੈ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ 77 ਸਾਲਾਂ ਬਾਅਦ ਦੇਸ਼ ਦੀ ਜਨਤਾ ਨੂੰ ਇਹ ਅਧਿਕਾਰ ਦਿੱਤਾ ਹੈ। ਇਨ੍ਹਾਂ ਨਵੇਂ ਕਾਨੂੰਨਾਂ ਰਾਹੀਂ ਭਾਰਤੀ ਨਾਗਰਿਕਾਂ ਦੀ ਜਾਇਦਾਦ, ਸਨਮਾਨ ਅਤੇ ਸੰਵਿਧਾਨਕ ਤੌਰ ਤੇ ਗਾਰੰਟੀਸ਼ੁਦਾ ਅਧਿਕਾਰਾਂ ਦੀ ਸੁਰੱਖਿਆ ਕੀਤੀ ਜਾਵੇਗੀ।
ਜਿੱਥੇ ਜਲਦੀ ਹੀ ਇਨ੍ਹਾਂ ਕਾਨੂੰਨਾਂ ਰਾਹੀਂ ਇਨਸਾਫ਼ ਮੁਹੱਈਆ ਕਰਵਾਇਆ ਜਾਵੇਗਾ। ਕਾਨੂੰਨ ਵਿਵਸਥਾ ਆਸਾਨ ਹੋ ਜਾਵੇਗੀ। ਇਨ੍ਹਾਂ ਕਾਨੂੰਨਾਂ ਨੂੰ ਬਣਾਉਣ ਲਈ, ਪਿਛਲੇ 4 ਸਾਲਾਂ ਵਿੱਚ ਦੁਨੀਆ ਭਰ ਦੀ ਨਵੀਨਤਮ ਤਕਨਾਲੋਜੀ ਅਤੇ ਵਿਵਸਥਾਵਾਂ ਦਾ ਕਈ ਪੱਧਰਾਂ ਤੇ ਅਧਿਐਨ ਕੀਤਾ ਗਿਆ ਹੈ। ਜਿਸ ਲਈ ਦੁਨੀਆ ਦੇ 43 ਦੇਸ਼ਾਂ ਦੇ ਅਪਰਾਧਿਕ ਨਿਆਂ ਪ੍ਰਣਾਲੀਆਂ ਦਾ ਅਧਿਐਨ ਕੀਤਾ ਗਿਆ ਹੈ। ਤਾਂ ਜੋ ਇਨ੍ਹਾਂ ਕਾਨੂੰਨਾਂ ਨੂੰ ਦੁਨੀਆ ਦਾ ਸਭ ਤੋਂ ਆਧੁਨਿਕ ਅਪਰਾਧਿਕ ਨਿਆਂ ਪ੍ਰਣਾਲੀ ਬਣਾਇਆ ਜਾ ਸਕੇ।

ਇਨ੍ਹਾਂ ਕਾਨੂੰਨਾਂ ਦੇ ਲਾਗੂ ਹੋਣ ਦੇ ਸਿਰਫ਼ ਚਾਰ ਮਹੀਨਿਆਂ ਦੇ ਅੰਦਰ ਹੀ 11 ਲੱਖ ਤੋਂ ਵੱਧ ਐਫ.ਆਈ.ਆਰ. ਇਨ੍ਹਾਂ ਵਿੱਚੋਂ 9500 ਕੇਸਾਂ ਵਿੱਚ ਵੀ ਫੈਸਲੇ ਆ ਚੁੱਕੇ ਹਨ। ਜੋ ਇਹ ਦਰਸਾਉਣ ਲਈ ਕਾਫੀ ਹੈ ਕਿ ਤਾਰੀਖ ਤੋਂ ਬਾਅਦ ਦਾ ਦੌਰ ਹੁਣ ਪਿੱਛੇ ਰਹਿ ਗਿਆ ਹੈ। ਪ੍ਰਧਾਨ ਮੰਤਰੀ ਮੋਦੀ ਅਤੇ ਗ੍ਰਹਿ ਮੰਤਰੀ ਅਮਿਤ ਸ਼ਾਹ ਦੀ ਅਗਵਾਈ ਹੇਠ ਅੱਜ ਦਾ ਨਵਾਂ ਭਾਰਤ ਗੁਲਾਮੀ ਵਾਲੀ ਮਾਨਸਿਕਤਾ ਤੋਂ ਬਾਹਰ ਨਹੀਂ ਆ ਰਿਹਾ ਹੈ। ਉਹ ਆਪਣੇ ਬਣਾਏ ਸਿਸਟਮ ਵਿੱਚ ਵੀ ਵਿਸ਼ਵਾਸ ਰੱਖਦਾ ਹੈ। ਇੰਨਾ ਹੀ ਨਹੀਂ ਇਨ੍ਹਾਂ ਕਾਨੂੰਨਾਂ ਤਹਿਤ ਦੋਸ਼ੀ ਠਹਿਰਾਏ ਜਾਣ ਦੀ ਦਰ ਵੀ 85 ਫੀਸਦੀ ਤੋਂ ਵੱਧ ਹੈ। ਜੋ ਕਿ ਮੌਜੂਦਾ ਦੋਸ਼ੀ ਠਹਿਰਾਉਣ ਦੀ ਦਰ 58% ਤੋਂ ਬਹੁਤ ਜ਼ਿਆਦਾ ਹੈ। ਇਸ ਦਾ ਮਤਲਬ ਇਹ ਹੈ ਕਿ ਇਨ੍ਹਾਂ ਕਾਨੂੰਨਾਂ ਦੇ ਪੂਰੀ ਤਰ੍ਹਾਂ ਲਾਗੂ ਹੋਣ ਤੋਂ ਬਾਅਦ ਜਿੱਥੇ ਪੂਰੇ ਦੇਸ਼ ਵਿੱਚ ਘੱਟ ਸਮੇਂ ਵਿੱਚ ਨਿਆਂ ਮਿਲੇਗਾ, ਉੱਥੇ ਸਜ਼ਾ ਦੀ ਦਰ ਵੱਧ ਜਾਵੇਗੀ।

# ਅਮਨ ਅਰੋੜਾ ਨੇ ਕੀਤੀ ਸੁਖਬੀਰ ਬਾਦਲ ਤੇ ਹਮਲੇ ਦੀ ਸਖ਼ਤ ਨਿਖੇਧੀ



ਚੰਡੀਗੜ੍ਹ , (ਲੋਕ ਬਾਣੀ) ਆਮ ਆਦਮੀ ਪਾਰਟੀ ਪੰਜਾਬ ਦੇ ਪ੍ਰਧਾਨ ਅਮਨ ਅਰੋੜਾ ਨੇ ਸੁਖਬੀਰ ਬਾਦਲ ਤੇ ਹੋਏ ਹਮਲੇ ਦੀ ਤਿੱਖੇ ਸ਼ਬਦਾਂ ਚ ਨਿਖ਼ੇਧੀ ਕੀਤੀ ਹੈ। ਉਨ੍ਹਾਂ ਨੇ ਪੁਲਸ ਵਿਭਾਗ ਦੇ ਉਨ੍ਹਾਂ ਮੁਲਾਜ਼ਮਾਂ ਦੀ ਸ਼ਲਾਘਾ ਕੀਤੀ, ਜਿਨ੍ਹਾਂ ਨੇ ਬੜੀ ਮੁਸਤੈਦੀ ਨਾਲ ਸੁਖਬੀਰ ਬਾਦਲ ਤੇ ਹਮਲਾ ਕਰਨ ਵਾਲੇ ਵਿਅਕਤੀ ਨੂੰ ਕਾਬੂ ਕੀਤਾ। ਇਸ ਨਾਲ ਬਹੁਤ ਵੱਡੀ ਘਟਨਾ ਤੋਂ ਬਚਾਅ ਹੋ ਗਿਆ। ਉਨ੍ਹਾਂ ਕਿਹਾ ਕਿ ਜਿਹੜਾ ਵੀ ਵਿਅਕਤੀ ਪੰਜਾਬ ਦੀ ਅਮਨ-ਸ਼ਾਂਤੀ ਨੂੰ ਭੰਗ ਕਰਨ ਦੀ ਕੋਸ਼ਿਸ਼ ਕਰੇਗਾ, ਉਸ ਨੂੰ ਕਿਸੇ ਵੀ ਹਾਲਤ ਚ ਕਾਮਯਾਬ ਨਹੀਂ ਹੋਣ ਦਿੱਤਾ ਜਾਵੇਗਾ।

ਇਹ ਵੀ ਪੜ੍ਹੋ : ਪੰਜਾਬ ਦੇ ਲੱਖਾਂ ਰਾਸ਼ਨ ਕਾਰਡ ਧਾਰਕਾਂ ਲਈ ਬੇਹੱਦ ਜ਼ਰੂਰੀ ਖ਼ਬਰ, ਜਲਦ ਕਰੋ ਇਹ ਕੰਮ ਅਮਨ ਅਰੋੜਾ ਨੇ ਕਿਹਾ ਕਿ ਮੁੱਖ ਮੰਤਰੀ ਮਾਨ ਦੀਆਂ ਹਦਾਇਤਾਂ ਮੁਤਾਬਕ ਪੰਜਾਬ ਪੁਲਸ ਪਿਛਲੇ ਕਈ ਦਿਨਾਂ ਤੋਂ ਅਲਰਟ ਸੀ ਅਤੇ ਜਿੱਥੇ ਸੁਖਬੀਰ ਬਾਦਲ ਤੇ ਹਮਲਾ ਹੋਇਆ, ਉੱਥੇ ਪਹਿਲਾਂ ਹੀ ਸਿਵਲ ਵਰਦੀ ਚ ਪੰਜਾਬ ਪੁਲਸ ਦੇ ਮੁਲਾਜ਼ਮਾਂ ਨੂੰ ਤਾਇਨਾਤ ਕੀਤਾ ਗਿਆ ਸੀ।

ਉਨ੍ਹਾਂ ਕਿਹਾ ਕਿ ਸ੍ਰੀ ਦਰਬਾਰ ਸਾਹਿਬ ਇਹੋ ਜਿਹਾ ਪਵਿੱਤਰ ਅਸਥਾਨ ਹੈ, ਜਿੱਥੇ ਸ਼ਰਧਾਲੂਆਂ ਦੀ ਚੈਕਿੰਗ ਨਹੀਂ ਹੋ ਸਕਦੀ ਅਤੇ ਨਾ ਹੀ ਵਰਦੀ ਚ ਪੁਲਸ ਮੁਲਾਜ਼ਮ ਉੱਥੇ ਤਾਇਨਾਤ ਹੋ ਸਕਦੇ ਹਨ। 200 ਦੇ ਕਰੀਬ ਪੁਲਸ ਮੁਲਾਜ਼ਮ ਸੁਖਬੀਰ ਬਾਦਲ ਦੀ ਸੁਰੱਖਿਆ ਚ ਤਾਇਨਾਤ ਸਨ। ਉਨ੍ਹਾਂ ਕਿਹਾ ਕਿ ਇਸ ਘਟਨਾ ਦੇ ਦੋਸ਼ੀ ਖ਼ਿਲਾਫ਼ ਸਖ਼ਤ ਤੋਂ ਸਖ਼ਤ ਕਾਰਵਾਈ ਕੀਤੀ ਜਾਵੇਗੀ।

# ਪੱਤਰਕਾਰ ਰਾਜਨ ਕੁੱਕੜ ਨੂੰ ਦਿੱਤੀ ਹੰਝੂਆਂ ਭਰੀ ਵਿਦਾਇਗੀ



ਫ਼ਾਜ਼ਿਲਕਾ (ਲੋਕ ਬਾਣੀ) ਕਰਿਆਨਾ ਵਪਾਰੀ, ਪ੍ਰਤਾਪ ਕੇਸਰੀ ਅਖ਼ਬਾਰ ਦੇ ਜ਼ਿਲ੍ਹਾ ਇੰਚਾਰਜ ਤੇ ਅਦਾਰਾ ਚੜ੍ਹਦੀਕਲਾ ਦੇ ਪੱਤਰਕਾਰ ਅਤੇ ਜ਼ਿਲ੍ਹਾ ਇਲੈਕਟ੍ਰੋਨਿਕ ਅਤੇ ਪ੍ਰਿੰਟ ਮੀਡੀਆ ਐਸੋਸੀਏਸ਼ਨ ਫ਼ਾਜ਼ਿਲਕਾ ਦੇ ਉਪ ਪ੍ਰਧਾਨ ਰਾਜਨ ਕੁੱਕੜ ਬੀਤੇ ਦਿਨੀਂ ਇਸ ਫ਼ਾਨੀ ਸੰਸਾਰ ਨੂੰ ਅਲਵਿਦਾ ਕਹਿ ਕੇ ਅਕਾਲ ਚਲਾਣਾ ਕਰ ਗਏ ਸਨ। ਉਨ੍ਹਾਂ ਦਾ ਅੰਤਿਮ ਸੰਸਕਾਰ ਅੱਜ ਸਥਾਨਕ ਸ਼ਿਵਪੁਰੀ ਵਿਖੇ ਗ਼ਮਗੀਨ ਮਾਹੌਲ ਵਿੱਚ ਕਰ ਕੀਤਾ ਗਿਆ, ਜਿੱਥੇ ਵੱਡੀ ਗਿਣਤੀ ਵਿਚ ਲੋਕਾਂ ਨੇ ਉਨ੍ਹਾਂ ਨੂੰ ਹੰਝੂਆਂ ਭਰੀ ਵਿਦਾਇਗੀ ਦਿੱਤੀ। ਇਸ ਦੁੱਖ ਦੀ ਘੜੀ ਵਿਚ ਪਹੁੰਚ ਕੇ ਜ਼ਿਲ੍ਹਾ ਇਲੈਕਟ੍ਰਾਨਿਕ ਅਤੇ ਪ੍ਰਿੰਟ ਮੀਡੀਆ ਐਸੋਸੀਏਸ਼ਨ ਫ਼ਾਜ਼ਿਲਕਾ ਦੇ ਉਪ ਚੇਅਰਮੈਨ ਲੀਲਾਧਰ ਸ਼ਰਮਾ, ਪ੍ਰਧਾਨ ਬਖਸ਼ੀਸ਼ ਸਿੰਘ (ਹੈਪੀ) ਅਤੇ ਸਕੱਤਰ ਸੁਨੀਲ ਨਾਗਪਾਲ ਨੇ ਪਰਿਵਾਰਕ ਮੈਂਬਰਾਂ ਨਾਲ ਦੁੱਖ ਸਾਂਝਾ ਕਰਦੇ ਹੋਏ ਰਾਜਨ ਕੁੱਕੜ ਦੇ ਅਕਾਲ ਚਲਾਣੇ ਤੇ ਕਦੇ ਵੀ ਨਾ ਪੂਰਾ ਹੋਣ ਵਾਲਾ ਘਾਟਾ ਦੱਸਿਆ। ਇਸ ਮੌਕੇ ਐੱਸ. ਪੀ. ਰਵੀ ਕੁਮਾਰ, ਨਿਰੋਗ ਜੀਵਨ ਸੰਸਥਾ ਦੇ ਸੰਸਥਾਪਕ ਸੰਤ ਜਗਦੀਸ਼ ਮੁਨੀ ਜੀ, ਵਪਾਰ ਮੰਡਲ ਦੇ ਪੰਜਾਬ ਚੇਅਰਮੈਨ ਕ੍ਰਿਸ਼ਨ ਲਾਲ ਜਸੂਜਾ, ਵਪਾਰ ਮੰਡਲ ਫ਼ਾਜ਼ਿਲਕਾ ਦੇ ਪ੍ਰਧਾਨ ਅਸ਼ੋਕ ਗੁਲਬੱਧਰ, ਨਰਿੰਦਰ ਪ੍ਰਨਾਮੀ, ਡਾ. ਨਿਸ਼ਾਂਤ ਸੇਤੀਆ, ਪੰਜਾਬ ਹਾਊਸਫੈੱਡ ਦੇ ਸਾਬਕਾ ਚੇਅਰਮੈਨ ਸੁਖਵੰਤ ਸਿੰਘ ਬਰਾੜ, ਹੋਲੀ ਹਾਰਟ ਸਕੂਲ ਦੇ ਪ੍ਰਿੰਸੀਪਲ ਰਿਤੂ ਭੁਸਰੀ, ਅਨਮੋਲ ਭੁਸਰੀ, ਕੌਂਸਲਰ ਸੁਰਿੰਦਰ ਕਾਲੜਾ(ਪੱਪੂ), ਅਭੈ ਅਗਰਵਾਲ, ਪ੍ਰੈਸ ਕਲੱਬ ਦੇ ਕਾਰਜਕਾਰੀ ਪ੍ਰਧਾਨ ਜਲੇਸ਼ ਠੱਠਈ (ਲੱਕੀ), ਸੀਨੀਅਰ ਪੱਤਰਕਾਰ ਰਾਕੇਸ਼ ਨਾਗਪਾਲ, ਗੌਰਵ ਨਾਗਪਾਲ (ਅਬੋਹਰ), ਸੰਜੀਵ ਗਿਲਹੋਤਰਾ (ਸੰਜੂ), ਦੀਪਕ ਨਾਗਪਾਲ, ਰੁਪੇਸ਼ ਬਾਂਸਲ, ਅੰਮ੍ਰਿਤ ਸਚਦੇਵਾ, ਪ੍ਰਦੀਪ ਰਾਜਪੂਤ, ਸਾਹਿਲ ਭਠੇਜਾ, ਰਾਕੇਸ਼ ਛਾਬੜਾ, ਰਾਜੀਵ ਦਾਵੜਾ, ਪਾਰਸ ਡੋਡਾ, ਕਪਿਲ ਜਸੂਜਾ, ਧੀਰਜ ਕੁਮਾਰ (ਸੰਨੀ ਦੁਮੜਾ), ਸਾਜਨ ਗੁਗਲਾਨੀ, ਰਾਜੇਸ਼ ਅਨੇਜਾ (ਰਾਜੂ), ਵਿਸ਼ੂ ਛਾਬੜਾ, ਜਸਪ੍ਰੀਤ ਦੁਰੇਜਾ, ਸੁਖਵਿੰਦਰ ਸਿੰਘ ਪ੍ਰਦੇਸੀ, ਅਰੁਣ ਵਾਟਸ ਤੋਂ ਇਲਾਵਾ ਸ਼ਹਿਰ ਦੀਆ ਸਮਾਜਿਕ, ਧਾਰਮਿਕ ਅਤੇ ਰਾਜਨੀਤਿਕ ਜਥੇਬੰਦੀਆਂ ਵੱਲੋਂ ਅੰਤਿਮ ਸੰਸਕਾਰ ਵਿੱਚ ਭਾਗ ਲੈ ਕੇ ਕੁੱਕੜ ਪਰਿਵਾਰ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ। ਇਸ ਦੁੱਖ ਦੀ ਘੜੀ ਵਿਚ ਅਦਾਰਾ ਚੜ੍ਹਦੀਕਲਾ ਟਾਈਮ ਟੀ. ਵੀ. ਦੇ ਜ਼ਿਲ੍ਹਾ ਫ਼ਾਜ਼ਿਲਕਾ ਤੋਂ ਉਪ ਦਫ਼ਤਰ ਦੇ ਸਟਾਫ਼ ਵੱਲੋਂ ਸ਼ਰਧਾ ਦੇ ਫੁੱਲ ਭੇਂਟ ਕੀਤੇ ਜਾਂਦੇ ਹਨ ਅਤੇ ਜ਼ਿਲ੍ਹਾ ਇਲੈਕਟ੍ਰੋਨਿਕ ਅਤੇ ਪ੍ਰਿੰਟ ਮੀਡੀਆ ਐਸੋਸੀਏਸ਼ਨ ਫ਼ਾਜ਼ਿਲਕਾ ਦੇ ਸਮੂਹ ਪੱਤਰਕਾਰ ਭਾਈਚਾਰੇ ਵੱਲੋਂ ਪ੍ਰਮਾਤਮਾ ਅੱਗੇ ਅਰਦਾਸ ਕੀਤੀ ਜਾਂਦੀ ਹੈ ਕਿ ਇਸ ਵਿੱਛੜੀ ਰੂਹ ਨੂੰ ਆਪਣੇ ਚਰਨਾਂ ਵਿਚ ਨਿਵਾਸ ਬਖ਼ਸ਼ੇ ਅਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖ਼ਸ਼ੇ।

# ਦੋ ਨੰਬਰਾਂ ਨਾਲ ਫੇਲ ਹੋਇਆ ਵਿਦਿਆਰਥੀ ਕਾਨਪੁਰ ਚ ਫਾਹਾ ਲੈ ਕੇ ਝੂਲ ਗਿਆ: ਘਰ ਚ ਹਫੜਾ-ਦਫੜੀ

## ☛ ਪਿਛਲੇ ਪੰਜ ਸਾਲਾਂ ਤੋਂ ਮੁਕਾਬਲੇ ਦੀਆਂ ਪ੍ਰੀਖਿਆਵਾਂ ਦੀ ਤਿਆਰੀ ਕਰ ਰਿਹਾ ਸੀ

ਕਾਨਪੁਰ (ਸੁਨੀਲ ਬਾਜਪਾਈ) ਇੱਥੇ ਨੌਜਵਾਨਾਂ ਵੱਲੋਂ ਕਈ ਕਾਰਨਾਂ ਕਰਕੇ ਮੌਤ ਨੂੰ ਗਲੇ ਲਗਾਉਣ ਦਾ ਸਿਲਸਿਲਾ ਜਾਰੀ ਹੈ। ਇਸੇ ਲੜੀ ਤਹਿਤ ਦੋ ਨੰਬਰਾਂ ਨਾਲ ਫੇਲ ਹੋਣ ਤੋਂ ਦੁਖੀ ਵਿਦਿਆਰਥੀ ਨੇ ਫਾਹਾ ਲੈ ਕੇ ਖ਼ੁਦਕੁਸ਼ੀ ਕਰ ਲਈ। ਉਹ ਪਿਛਲੇ 5 ਸਾਲਾਂ ਤੋਂ ਪ੍ਰਤੀਯੋਗੀ ਪ੍ਰੀਖਿਆਵਾਂ ਦੀ ਤਿਆਰੀ ਕਰ ਰਹੀ ਸੀ ਪਰ ਹਾਲ ਹੀ ਚ ਇਕ ਪ੍ਰੀਖਿਆ ਚ ਦੋ ਨੰਬਰਾਂ ਨਾਲ ਫੇਲ ਹੋ ਗਈ ਸੀ, ਜਿਸ ਤੋਂ ਬਾਅਦ ਉਸ ਨੇ ਇਹ ਘਾਤਕ ਕਦਮ ਚੁੱਕਿਆ, ਜਿਸ ਤੋਂ ਬਾਅਦ ਉਸ ਦੇ ਘਰ ਚ ਹਫੜਾ-ਦਫੜੀ ਮਚ ਗਈ।

ਪਰਿਵਾਰਕ ਮੈਂਬਰਾਂ ਦੀ ਸੂਚਨਾ ਤੇ ਪਹੁੰਚੀ ਥਾਣਾ ਬਿਧਾਨੂ ਪੁਲਸ ਨੇ ਵਿਦਿਆਰਥਣ ਦੀ ਲਾਸ਼ ਨੂੰ ਪੋਸਟਮਾਰਟਮ ਲਈ ਭੇਜ ਦਿੱਤਾ ਹੈ। ਫੋਰੈਂਸਿਕ ਟੀਮ ਨੇ ਮੌਕੇ ਤੋਂ ਸਬੂਤ ਵੀ ਇਕੱਠੇ ਕੀਤੇ।

ਪ੍ਰਾਪਤ ਜਾਣਕਾਰੀ ਅਨੁਸਾਰ ਇਹ ਘਟਨਾ ਬਿਧਨੂ ਥਾਣਾ ਖੇਤਰ ਦੇ ਪਿੰਡ ਸੁਲਤਾਨਪੁਰ ਦੀ ਹੈ। ਇੱਥੋਂ ਦਾ ਵਸਨੀਕ ਨਰਿੰਦਰ ਸਿੰਘ ਖੇਤੀ ਕਰਕੇ ਆਪਣੇ ਪਰਿਵਾਰ ਦਾ ਗੁਜ਼ਾਰਾ ਚਲਾ ਰਿਹਾ ਹੈ। ਉਨ੍ਹਾਂ ਦੀ ਪਤਨੀ ਸ਼ੋਭਾ ਸਿੱਖਿਆਮਿੱਤਰ ਹੈ। ਉਸ ਦੀਆਂ ਦੋ ਧੀਆਂ ਅਤੇ ਇੱਕ ਪੁੱਤਰ ਹੈ।

ਨਗੇਂਦਰ ਨੇ ਮੌਕੇ ਤੇ ਪਹੁੰਚੀ ਪੁਲਸ ਨੂੰ ਦੱਸਿਆ ਕਿ ਉਸ ਦੀ 22 ਸਾਲਾ ਵੱਡੀ ਬੇਟੀ ਸ੍ਰਿਸ਼ਟੀ ਪਿਛਲੇ ਪੰਜ ਸਾਲਾਂ ਤੋਂ ਮੁਕਾਬਲੇ ਦੀਆਂ ਪ੍ਰੀਖਿਆਵਾਂ ਦੀ ਤਿਆਰੀ ਕਰ ਰਹੀ ਸੀ।

ਸ੍ਰਿਸ਼ਟੀ ਬਚਪਨ ਤੋਂ ਹੀ ਪੜ੍ਹਾਈ ਵਿੱਚ ਬਹੁਤ ਹੁਸ਼ਿਆਰ ਸੀ। ਸ੍ਰਿਸ਼ਟੀ ਨੇ ਯੂਪੀ ਪੁਲਿਸ ਦੀ ਪ੍ਰੀਖਿਆ ਦਿੱਤੀ ਸੀ ਅਤੇ ਜਦੋਂ 21 ਨਵੰਬਰ ਨੂੰ ਪੁਲਿਸ ਭਰਤੀ ਪ੍ਰੀਖਿਆ ਦਾ ਨਤੀਜਾ ਆਇਆ ਤਾਂ ਸ੍ਰਿਸ਼ਟੀ ਜਨਰਲ ਮਹਿਲਾ ਵਰਗ ਵਿੱਚ 203 ਵਿੱਚੋਂ 201 ਨੰਬਰ ਉੱਤੇ ਰਹੀ। ਇਸ ਕਾਰਨ ਉਹ ਦੋ ਨੰਬਰ ਘੱਟ ਲੈ ਕੇ ਫੇਲ ਹੋ ਗਿਆ, ਜਿਸ ਕਾਰਨ ਉਹ ਬਹੁਤ ਨਿਰਾਸ਼, ਨਿਰਾਸ਼ ਅਤੇ ਦੁਖੀ ਸੀ ਅਤੇ ਇਸ ਕਾਰਨ ਉਸ ਨੇ ਫਾਹਾ ਲੈ ਕੇ ਖ਼ੁਦਕੁਸ਼ੀ ਕਰ ਲਈ। ਘਟਨਾ ਤੋਂ ਬਾਅਦ ਉਨ੍ਹਾਂ ਦੇ ਪਰਿਵਾਰ ਚ ਹਫੜਾ-ਦਫੜੀ ਦਾ ਮਾਹੌਲ ਹੈ। ਪੁਲਸ ਨੇ ਲਾਸ਼ ਨੂੰ ਪੋਸਟਮਾਰਟਮ ਲਈ ਭੇਜ ਦਿੱਤਾ ਹੈ ਅਤੇ ਘਟਨਾ ਦੀ ਜਾਂਚ ਚ ਜੁਟੀ ਹੈ।



# ਅਦਾਕਾਰਾ ਅਤੇ ਸ਼ੋਸ਼ਲ ਐਕਟੀਵਿਸਟ ਸੋਨੀਆ ਮਾਨ ਨੂੰ ਲੁਧਿਆਣਾ ਵਿਖੇ ਕੀਤਾ ਗ੍ਰਿਫਤਾਰ !!




(ਲੋਕ ਬਾਣੀ) ਬੁੱਢੇ ਨਾਲੇ ਅਤੇ ਸਤਲੁਜ ਦਰਿਆ ਨੂੰ ਪ੍ਰਭਾਵਿਤ ਕਰ ਰਹੇ ਚਿੰਤਾਜਨਕ ਉਦਯੋਗਿਕ ਪ੍ਰਦੂਸ਼ਣ ਦੇ ਖਿਲਾਫ ਪ੍ਰਦਰਸ਼ਨ ਦੌਰਾਨ ਮਸ਼ਹੂਰ ਅਦਾਕਾਰਾ ਅਤੇ ਸਮਾਜਿਕ ਕਾਰਕੁਨ ਸੋਨੀਆ ਮਾਨ ਨੂੰ ਮੰਗਲਵਾਰ ਨੂੰ ਗ੍ਰਿਫਤਾਰ ਕਰ ਲਿਆ ਗਿਆ ਸੀ। ਵਿਰੋਧ ਪ੍ਰਦਰਸ਼ਨ ਨੇ ਲੁਧਿਆਣਾ ਦੇ ਉਦਯੋਗਾਂ ਤੋਂ ਬੁੱਢੇ ਨਾਲੇ ਵਿੱਚ ਗੈਰ-ਸੋਧਿਆ ਗਿਆ ਗੰਦਾ ਪਾਣੀ ਛੱਡੇ ਜਾਣ ਨੂੰ ਉਜਾਗਰ ਕੀਤਾ, ਜਿਸ ਨਾਲ ਵਿਆਪਕ ਵਾਤਾਵਰਣ ਅਤੇ ਸਿਹਤ ਸੰਕਟ ਪੈਦਾ ਹੋ ਰਹੇ ਹਨ।

ਸੋਨੀਆ ਮਾਨ, ਜੋ ਕਿ ਸਮਾਜਿਕ ਮੁੱਦਿਆਂ ਤੇ ਆਪਣੇ ਹਮੇਸ਼ਾਂ ਆਪਣੀ ਆਵਾਜ਼ ਉਠਾਉਂਦੀ ਹੈ, ਨੇ ਗੰਦਗੀ ਦੇ ਵਿਰੁੱਧ ਤੁਰੰਤ ਕਾਰਵਾਈ ਦੀ ਮੰਗ ਕਰਨ ਲਈ ਸਬੰਧਤ ਨਾਗਰਿਕਾਂ ਦਾ ਸਾਥ ਦਿੱਤਾ। ਪ੍ਰਦਰਸ਼ਨਕਾਰੀਆਂ ਨੇ ਉਦਯੋਗਾਂ ਤੇ ਗੈਰ-ਪ੍ਰਚਾਰਿਤ ਰਹਿੰਦ-ਖੂੰਹਦ ਨੂੰ ਸਿੱਧੇ ਜਲਘਰਾਂ ਵਿੱਚ ਸੁੱਟਣ ਦਾ ਦੋਸ਼ ਲਗਾਇਆ, ਸਾਰੀਆਂ ਉਦਯੋਗਾਂ, ਫੈਕਟਰੀਆਂ ਦਾ ਗੰਦਾ ਪਾਣੀ ਬੁੱਢੇ ਨਾਲੇ ਵਿੱਚ ਪੈ ਰਿਹਾ ਸੀ ਜਿਸ ਦੇ ਚਲਦਿਆਂ ਆਸ-ਪਾਸ ਰਹਿ ਰਹੇ ਲੋਕਾਂ ਦੇ ਵਿੱਚ ਬਿਮਾਰੀਆਂ ਵੱਧ ਰਹੀਆਂ ਹਨ ਤੇ ਸਕਿਨ ਕੈਂਸਰ ਵਰਗੇ ਰੋਗ ਲੱਗ ਰਹੇ ਹਨ।

ਪ੍ਰਦਰਸ਼ਨ ਦੌਰਾਨ ਕਾਰਕੁਨਾਂ ਨੇ ਸਰਕਾਰ ਦੀ ਜਵਾਬਦੇਹੀ ਦੀ ਮੰਗ ਕਰਦੇ ਹੋਏ ਨਾਅਰੇਬਾਜ਼ੀ ਕੀਤੀ। ਪੁਲਿਸ ਨੇ ਦਖਲ ਦਿੰਦਿਆਂ ਸੋਨੀਆ ਮਾਨ ਅਤੇ ਹੋਰਾਂ ਨੂੰ ਡੋਗਰੀ ਥਾਣੇ ਵਿੱਚ ਜਨਤਕ ਵਿਵਸਥਾ ਵਿੱਚ ਵਿਘਨ ਦਾ ਹਵਾਲਾ ਦਿੰਦੇ ਹੋਏ ਪੂਰਾ ਦਿਨ ਹਿਰਾਸਤ ਵਿੱਚ ਰੱਖਿਆ।

ਆਪਣੀ ਗ੍ਰਿਫਤਾਰੀ ਤੋਂ ਪਹਿਲਾਂ, ਸੋਨੀਆ ਮਾਨ ਨੇ ਕਿਹਾ, ਬੁੱਢੇ ਨਾਲੇ ਦਾ ਪ੍ਰਦੂਸ਼ਣ ਸਿਰਫ ਵਾਤਾਵਰਣ ਦਾ ਮੁੱਦਾ ਨਹੀਂ ਹੈ - ਇਹ ਇੱਕ ਮਨੁੱਖੀ ਸੰਕਟ ਹੈ। ਸਤਲੁਜ ਦਰਿਆ ਵਿੱਚ ਵਹਿ ਰਿਹਾ ਦੂਸ਼ਿਤ ਪਾਣੀ ਸਾਡੇ ਲੋਕਾਂ ਅਤੇ ਆਉਣ ਵਾਲੀਆਂ ਪੀੜ੍ਹੀਆਂ ਨੂੰ ਜ਼ਹਿਰ ਦੇ ਰਿਹਾ ਹੈ। ਇਸ ਨੂੰ ਰੋਕਣ ਲਈ ਸਾਨੂੰ ਜਵਾਬਦੇਹੀ ਅਤੇ ਤੁਰੰਤ ਕਾਰਵਾਈ ਦੀ ਲੋੜ ਹੈ।

# ਡਿਪਟੀ ਕਮਿਸ਼ਨਰ ਵੱਲੋਂ ਪਿੰਡਾਂ ਚ ਚੱਲ ਰਹੇ ਵਿਕਾਸ ਕਾਰਜਾਂ ਦਾ ਜਾਇਜ਼ਾ

ਮਾਲੇਰਕੋਟਲਾ :(ਕਿਮੀ ਅਰੋੜਾ ਅਸਲਮ ਨਾਜ਼)

ਡਿਪਟੀ ਕਮਿਸ਼ਨਰ ਡਾ ਪੱਲਵੀ ਨੇ ਮਾਲੇਰਕੋਟਲਾ ਜ਼ਿਲ੍ਹੇ ਦੇ ਪਿੰਡਾਂ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਦਾ ਮਹੀਨਾਵਾਰ ਮੀਟਿੰਗ ਦੌਰਾਨ ਜਾਇਜ਼ਾ ਲਿਆ। ਇਸ ਮੌਕੇ ਉਨ੍ਹਾਂ ਜ਼ਿਲ੍ਹੇ ਨੂੰ ਓ.ਡੀ.ਐਫ.ਪਲਸ ਮਾਡਲ ਬਣਾਉਣ ਲਈ ਸਬੰਧਤ ਵਿਭਾਗਾਂ ਨੂੰ ਹੋਰ ਤੇਜ਼ੀ ਨਾਲ ਕੰਮ ਕਰਨ ਦੀ ਹਦਾਇਤ ਕਰਦਿਆਂ ਕਿਹਾ ਕਿ ਬੀ.ਡੀ.ਪੀ.ਓਜ ਚੱਲ ਰਹੇ ਕੰਮਾਂ ਦੀ ਖੁਦ ਮੌਕੇ ਤੇ ਜਾਕੇ ਨਿਗਰਾਨੀ ਕਰਨਾ ਯਕੀਨੀ ਬਣਾਉਣ। ਮੀਟਿੰਗ ਚ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਨਵਦੀਪ ਕੌਰ,ਡੀ.ਡੀ.ਪੀ.ਓ ਰਿਪੀ ਗਰਗ, ਬੀ.ਡੀ.ਪੀ.ਓ ਅਹਿਮਦਗੜ੍ਹ ਗੁਰਮੀਤ ਸਿੰਘ, ਬੀ.ਡੀ.ਪੀ.ਓ ਜਗਰਾਜ ਸਿੰਘ, ਏ.ਈ. ਇੰਜ. ਦਵਿੰਦਰ ਸਿੰਘ, ਜੇ.ਈ ਇੰਜ ਜਿਮੀ ਖਾਨ, ਜੇ ਈ ਇੰਜ ਬਹਾਦਰ ਸਿੰਘ ਵੀ ਮੌਜੂਦ ਸਨ।



ਡਿਪਟੀ ਕਮਿਸ਼ਨਰ ਨੇ ਮਹਾਤਮਾ ਗਾਂਧੀ ਕੌਮੀ ਦਿਹਾਤੀ ਰੋਜ਼ਗਾਰ ਗਰੰਟੀ ਯੋਜਨਾ ਦਾ ਜਾਇਜ਼ਾ ਲੈਂਦਿਆਂ ਬਲਾਕ ਵਿਕਾਸ ਤੇ ਪੰਚਾਇਤ ਅਧਿਕਾਰੀਆਂ ਨੂੰ ਟੀਚੇ ਪੂਰ ਕਰਨ ਦੀ ਹਦਾਇਤ ਕੀਤੀ ਅਤੇ ਕਿਹਾ ਮਗਨਰੇਗਾ ਮਜ਼ਦੂਰਾਂ ਨੂੰ ਪੂਰੇ ਦਿਨ ਰੋਜ਼ਗਾਰ ਮੁਹੱਈਆ ਕਰਵਾਉਣ ਲਈ ਸਾਰਥਕ ਰਣਨੀਤੀ ਉਲੀਕੀ ਜਾਵੇ ਅਤੇ ਟੀਚਿਆਂ ਨੂੰ ਸੌ ਫ਼ੀਸਦੀ ਰੱਖਿਆ ਜਾਵੇ। ਡਿਪਟੀ ਕਮਿਸ਼ਨਰ ਨੇ ਪਿੰਡਾਂ ਚ ਚੱਲ ਰਹੇ ਵੱਖ ਵੱਖ ਕੰਮਾਂ ਦਾ ਜਾਇਜ਼ਾ ਲੈਂਦਿਆਂ ਅਧਿਕਾਰੀਆਂ ਨੂੰ ਹਦਾਇਤਾਂ ਕੀਤੀਆਂ ਅਤੇ ਕਿਹਾ ਕਿ ਮੀਟਿੰਗ ਦੌਰਾਨ ਦਿੱਤੇ ਨਿਰਦੇਸ਼ਾਂ ਤੇ ਕੀਤੀ ਗਈ ਕਾਰਵਾਈ ਸਬੰਧੀ ਅਗਲੀ ਮੀਟਿੰਗ ਵਿੱਚ ਰਿਪੋਰਟ ਦਿੱਤੀ ਜਾਵੇ, ਤਾਂ ਜੋ ਕੀਤੀ ਗਈ ਕਾਰਗੁਜ਼ਾਰੀ ਦਾ ਸਹੀ ਮੁਲਾਂਕਣ ਕੀਤਾ ਜਾ ਸਕੇ।

ਡਿਪਟੀ ਕਮਿਸ਼ਨਰ ਨੇ ਮੀਟਿੰਗ ਦੌਰਾਨ ਜ਼ਿਲ੍ਹੇ ਦੇ ਪਿੰਡ ਵਿਖੇ ਬਣਾਏ ਜਾ ਰਹੇ ਸਾਲਿਡ ਵੇਸਟ ਤੇ ਲਿਕੂਅਡ ਵੇਸਟ ਮੈਨੇਜਮੈਂਟ ਸਿਸਟਮ,ਲਾਇਬਰੇਰੀਆਂ,ਸਾਂਝੇ ਅਤੇ ਨਿੱਜੀ ਪਖਾਨਿਆਂ ਦੀ ਉਸਾਰੀ,ਪਾਰਕਾਂ ਦੇ ਨਿਰਮਾਣ,ਸਾਫ ਸਫਾਈ ਅਤੇ ਪਿੰਡ ਵਿੱਚ ਬਣਾਏ ਜਾ ਰਹੇ ਖੇਡ ਮੈਦਾਨ ਦਾ ਜਾਇਜ਼ਾ ਵਿਸ਼ੇਸ ਤੌਰ ਤੇ ਲਿਆ। ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਪਿੰਡਾਂ ਵਿੱਚ ਚੱਲ ਰਹੇ ਵੱਖ-ਵੱਖ ਵਿਕਾਸ ਕਾਰਜਾਂ ਨੂੰ ਸਮੇਂ ਸਿਰ ਮੁਕੰਮਲ ਕਰਨ ਨੂੰ ਯਕੀਨੀ ਬਣਾਇਆ ਜਾਵੇ ਅਤੇ ਇਨ੍ਹਾਂ ਕੰਮਾਂ ਵਿੱਚ ਕਿਸੇ ਕਿਸਮ ਦੀ ਅਣਗਹਿਲੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਅਧਿਕਾਰੀਆਂ ਨੂੰ ਇਹ ਵੀ ਕਿਹਾ ਕਿ ਪਿੰਡਾਂ ਦੇ ਵੱਧ ਤੋਂ ਵੱਧ ਲੋਕਾਂ ਨੂੰ ਘਰਾਂ ਦਾ ਸੁੱਕਾ ਤੇ ਗਿੱਲ੍ਹਾ ਕੂੜਾ ਵੱਖਰਾ ਕਰਨ ਬਾਰੇ ਵੀ ਜਾਗਰੂਕ ਕੀਤਾ ਜਾਵੇ ਤਾਂ ਜੋ ਇਸ ਕੂੜੇ ਦੀ ਸਹੀ ਸਾਂਭ ਸੰਭਾਲ ਹੋ ਸਕੇ। ਉਨ੍ਹਾਂ ਇਹ ਵੀ ਕਿਹਾ ਕਿ ਇਨ੍ਹਾਂ ਪ੍ਰੋਜੈਕਟਾਂ ਦੇ ਮੁਕੰਮਲ ਹੋਣ ਨਾਲ ਜਿਥੇ ਪਿੰਡਾਂ ਦਾ ਵਾਤਾਵਰਣ ਪ੍ਰਦੂਸ਼ਣ ਮੁਕਤ ਹੋਵੇਗਾ ਉਥੇ ਹੀ ਇਸ ਨਾਲ ਆਲਾ ਦੁਆਲਾ ਵੀ ਸਾਫ ਸੁਥਰਾ ਬਣੇਗਾ ਅਤੇ ਪਿੰਡਾਂ ਦਾ ਵਾਤਾਵਰਣ ਹਰਿਆ ਭਰਿਆ ਬਣਾਉਣ ਵਿੱਚ ਵੀ ਮਦਦ ਮਿਲੇਗੀ।

ਉਨ੍ਹਾਂ ਵਾਢੀ ਸੀਜ਼ਨ ਦੌਰਾਨ ਪਿੰਡਾਂ ਵਿੱਚ ਪਰਾਲੀ ਪ੍ਰਬੰਧਨ ਲਈ ਜਾਗਰੂਕਤਾ ਮੁਹਿੰਮ ਅਧੀਨ ਨਿਭਾਈਆਂ ਡਿਊਟੀਆਂ ਦੀ ਸਹਾਰਾਨਾ ਵੀ ਕੀਤੀ ।ਉਨ੍ਹਾਂ ਅਧਿਕਾਰੀਆਂ ਨੂੰ ਚੱਲ ਰਹੇ ਕੰਮਾਂ ਨੂੰ ਸਮੇਂ ਸਿਰ ਨੇਪਰੇ ਚੜ੍ਹਾਉਣ ਲਈ ਹਦਾਇਤ ਵੀ ਕੀਤੀ।

# ਡਿਪਟੀ ਕਮਿਸ਼ਨਰ ਵੱਲੋਂ ਮਾਲ ਵਿਭਾਗ ਦੇ ਕੰਮਾਂ ਦੀ ਸਮੀਖਿਆ ਕਰਦਿਆ ਅਧਿਕਾਰੀਆਂ ਨੂੰ ਸੇਵਾਵਾਂ 'ਚ ਤੇਜ਼ੀ ਲਿਆਉਣ ਦੇ ਦਿੱਤੇ ਨਿਰਦੇਸ਼

ਮਾਲੇਰਕੋਟਲਾ:(ਕਿਮੀ ਅਰੋੜਾ,ਅਸਲਮ ਨਾਜ਼)

ਡਿਪਟੀ ਕਮਿਸ਼ਨਰ ਡਾ ਪੱਲਵੀ ਨੇ ਮਾਲ ਵਿਭਾਗ ਦੇ ਕੰਮਾਂ ਦੀ ਸਮੀਖਿਆ ਕਰਦਿਆਂ ਸਬੰਧਤ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਪਿਛਲੇ ਲੰਮੇ ਸਮੇਂ ਤੋਂ ਲੰਬਿਤ ਪਏ ਕੇਸਾਂ ਨੂੰ ਪਹਿਲ ਦੇ ਆਧਾਰ ਤੇ ਨਿਪਟਾਉਣਾ ਯਕੀਨੀ ਬਣਾਇਆ ਜਾਵੇ ਅਤੇ ਨਾਗਰਿਕਾਂ ਨੂੰ ਮਾਲ ਵਿਭਾਗ ਨਾਲ ਸਬੰਧਤ ਵੱਖ-ਵੱਖ ਸੇਵਾਵਾਂ ਪ੍ਰਦਾਨ ਕਰਨ ਵਿੱਚ ਤੇਜ਼ੀ ਲਿਆਂਦੀ ਜਾਵੇ ਤਾਂ ਜੋ ਲੋਕਾਂ ਦੀ ਬੇਲੋੜੀ ਖੱਜਲ ਖ਼ੁਆਰੀ ਖਤਮ ਹੋ ਸਕੇ । ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਸੁਖਪ੍ਰੀਤ ਸਿੰਘ ਸਿੱਧੂ,ਐਸ.ਡੀ.ਐਮ. ਹਰਬੰਸ ਸਿੰਘ, ਸਹਾਇਕ ਕਮਿਸ਼ਨਰ ਗੁਰਮੀਤ ਕੁਮਾਰ ਬਾਂਸਲ ਤੋਂ ਇਲਾਵਾ ਮਾਲ ਵਿਭਾਗ ਦੇ ਅਧਿਕਾਰੀ ਮੌਜੂਦ ਸਨ ।



ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਲੋਕਾਂ ਦੀ ਸਹੂਲਤ ਲਈ ਭਲਕੇ 5 ਦਸੰਬਰ ਨੂੰ ਲੰਬਿਤ ਝਗੜਾ ਰਹਿਤ ਇੰਤਕਾਲਾਂ ਨੂੰ ਦਰਜ ਕਰਨ ਲਈ ਤਹਿਸੀਲ ਪੱਧਰ ਤੇ ਵਿਸ਼ੇਸ ਕੈਂਪ ਦਾ ਆਯੋਜਨ ਕੀਤਾ ਜਾ ਰਿਹਾ ਹੈ ਤਾਂ ਜੋ ਵੱਧ ਤੋਂ ਵੱਧ ਲੰਬਿਤ ਇੰਤਕਾਲਾਂ ਦਾ ਨਿਪਟਾਰਾ ਹੋ ਸਕੇ । ਉਨ੍ਹਾਂ ਮਾਲ ਵਿਭਾਗ ਦੇ ਅਧਿਕਾਰੀਆਂ ਨੂੰ ਇਨ੍ਹਾਂ ਕੈਂਪਾਂ ਦੌਰਾਨ ਲੋਕਾਂ ਦੀ ਸੁਵਿਧਾ ਲਈ ਉਪਲੱਬਧ ਰਹਿਣ ਲਈ ਕਿਹਾ । ਉਨ੍ਹਾਂ ਸਮੂਹ ਨਿਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਵੱਧ ਤੋਂ ਵੱਧ ਲੋੜਵੰਦ ਤਹਿਸੀਲ ਪੱਧਰ ਤੇ ਆਯੋਜਿਤ ਹੋਣ ਵਾਲੇ ਇਨ੍ਹਾਂ ਕੈਂਪਾਂ ਵਿੱਚ ਸਮੂਲੀਅਤ ਕਰਕੇ ਆਪਣੇ ਲੰਬਿਤ ਇੰਤਕਾਲਾਂ ਨੂੰ ਦਰਜ ਕਰਵਾਉਣ ਲਈ ਪੁੱਜਣ । ਉਨ੍ਹਾਂ ਜ਼ਿਲ੍ਹੇ ਦੇ ਸਮੂਹ ਐਸ.ਡੀ.ਐਮਜ ਨੂੰ ਲੰਬਿਤ ਮਾਮਲਿਆਂ ਵਿੱਚ ਨਜ਼ਰਸਾਨੀ ਯਕੀਨੀ ਬਣਾਉਣ ਲਈ ਆਖਿਆ ਤਾਂ ਜੋ ਲੰਬਿਤ ਅਰਜ਼ੀਆਂ ਦੀ ਬਕਾਇਆ ਦਰ ਸਿਫ਼ਰ ਕੀਤੀ ਜਾ ਸਕੇ ।

ਡਾ ਪੱਲਵੀ ਨੇ ਅਧਿਕਾਰੀਆਂ ਨੂੰ ਕਿਹਾ ਕਿ ਉਹ ਜ਼ਿਲ੍ਹੇ ਦੇ ਪਿੰਡਾਂ ਵਿੱਚ ਲੋਕਾਂ ਦੇ ਸਹਿਯੋਗ ਨਾਲ ਵਿਸ਼ੇਸ ਮੁਹਿੰਮ ਉਲੀਕ ਕੇ ਪਿੰਡ ਪੱਧਰ ਤੇ ਡੀ.ਜੀ.ਪੀ.ਸੀ ਮਸ਼ੀਨ ਨਾਲ ਨਿਸ਼ਾਨਦੇਹੀ ਕਰਵਾ ਕੇ ਮੁਰੱਬਾਬੰਦੀ ਪੱਥਰ ਲਗਵਾਉਣ ਨੂੰ ਤਰਜੀਹ ਦੇਣ ਤਾਂ ਜੋ ਲੋਕਾਂ ਨੂੰ ਨਿਸਾਨਦੇਹੀਆਂ ਸਬੰਧੀ ਪੇਸ਼ ਆ ਰਹੀਆਂ ਮੁਸਕਲਾਂ ਨੂੰ ਜਲਦ ਤੇ ਸੁਖਾਲੇ ਤਰੀਕੇ ਨਾਲ ਹੱਲ ਕੀਤਾ ਜਾ ਸਕੇ ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸਮੂਹ ਐਸ.ਡੀ.ਐਮਜ਼ ਵਿਭਾਗੀ ਪੜਤਾਲਾਂ ਦੇ ਬਕਾਇਆ ਕੇਸਾਂ ਨੂੰ ਜਲਦੀ ਤੋਂ ਜਲਦੀ ਨੇਪਰੇ ਚੜ੍ਹਾਉਣਾ ਯਕੀਨੀ ਬਣਾਉਣ। ਉਨ੍ਹਾਂ ਮੀਟਿੰਗ ਦੌਰਾਨ ਸਵਾਮਿਤਵਾ ਸਕੀਮ, ਕੋਰਟ ਕੇਸ, ਸਲਾਨਾ ਸਟੈਂਪ ਡਿਊਟੀ ਆਦਿ ਦੀ ਸਥਿਤੀ ਦਾ ਜਾਇਜ਼ਾ ਲਿਆ । ਉਨ੍ਹਾਂ ਸਮੂਹ ਤਹਿਸੀਲਦਾਰਾਂ ਅਤੇ ਨਾਇਬ ਤਹਿਸੀਲਦਾਰਾਂ ਨੂੰ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨਾਲ ਤਾਲਮੇਲ ਕਰਕੇ ਵੱਧ ਤੋਂ ਵੱਧ ਰਿਕਵਰੀ ਕੇਸਾਂ ਨੂੰ ਖ਼ਤਮ ਕਰਨ ਦੀ ਹਦਾਇਤ ਵੀ ਕੀਤੀ।

# ਦਿਵਿਆਂਗਜਨਾਂ ਲਈ ਬਲਾਕ ਬਰਨਾਲਾ ਦਾ ਅਸੈਸਮੈਂਟ ਕੈਂਪ ਲਾਇਆ



ਬਰਨਾਲਾ, (ਲੋਕ ਬਾਣੀ) ਡਿਪਟੀ ਕਮਿਸ਼ਨਰ ਬਰਨਾਲਾ ਮੈਡਮ ਪੂਨਮਦੀਪ ਕੌਰ ਦੇ ਨਿਰਦੇਸ਼ਾਂ ਤਹਿਤ ਅੱਜ ਬਲਾਕ ਬਰਨਾਲਾ ਦੇ ਦਿਵਿਆਂਗਜਨਾਂ ਨੂੰ ਨਕਲੀ ਅੰਗ/ਸਹਾਇਕ ਉਪਕਰਨ ਮੁਹੱਈਆ ਕਰਵਾਉਣ ਲਈ ਅਸੱਸਮੈਂਟ ਕੈਂਪ ਇੱਥੇ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਦਫ਼ਤਰ, ਤਹਿਸੀਲ ਕੰਪਲੈਕਸ ਵਿਖੇ ਲਾਇਆ ਗਿਆ। ਇਸ ਕੈਂਪ ਵਿਚ ਵਧੀਕ ਡਿਪਟੀ ਕਮਿਸ਼ਨਰ (ਜ) ਲਤੀਫ਼ ਅਹਿਮਦ ਨੇ ਪੁੱਜ ਕੇ ਜਾਇਜ਼ਾ ਲਿਆ ਅਤੇ ਵੱਧ ਤੋਂ ਵੱਧ ਯੋਗ ਵਿਅਕਤੀਆਂ ਨੂੰ ਲਾਹਾ ਦੇਣ ਦੇ ਨਿਰਦੇਸ਼ ਦਿੱਤੇ।

ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਬਰਨਾਲਾ ਤੇਅਵਾਸਪ੍ਰੀਤ ਕੌਰ ਨੇ ਦੱਸਿਆ ਕਿ ਭਲਕੇ 5 ਦਸੰਬਰ ਨੂੰ ਮਹਿਲ ਕਲਾਂ ਬਲਾਕ ਦਾ ਕੈਂਪ ਕਮਿਊਨਿਟੀ ਹੈਲਥ ਸੈਂਟਰ (ਸੀ ਐਚ ਸੀ) ਮਹਿਲ ਕਲਾਂ ਤੇ 6 ਦਸੰਬਰ ਨੂੰ ਸ਼ਹਿਣਾ ਬਲਾਕ ਦਾ ਕੈਂਪ ਸਿਵਲ ਹਸਪਤਾਲ ਤਪਾ ਵਿਖੇ ਸਵੇਰੇ 9 ਵਜੇ ਤੋਂ ਸ਼ਾਮ 3 ਵਜੇ ਤਕ ਲਾਇਆ ਜਾਵੇਗਾ।

ਉਨ੍ਹਾਂ ਦੱਸਿਆ ਕਿ ਅੱਜ ਦੇ ਕੈਂਪ ਵਿੱਚ ਨਕਲੀ ਅੰਗਾਂ/ ਸਹਾਇਕ ਉਪਕਰਨਾਂ ਲਈ ਵੱਡੀ ਗਿਣਤੀ ਵਿਅਕਤੀਆਂ ਦੀ ਅਸੱਸਮੈਂਟ ਕੀਤੀ ਗਈ। ਉਨ੍ਹਾਂ ਕਿਹਾ ਕਿ ਅਸੱਸਮੈਂਟ ਮਗਰੋਂ ਨਕਲੀ ਅੰਗ/ ਸਹਾਇਕ ਉਪਕਰਨ ਮੁਹਈਆ ਕਰਾਉਣ ਲਈ ਕੈਂਪ ਵੱਖਰੇ ਲਾਏ ਜਾਣਗੇ।

ਉਨ੍ਹਾਂ ਦੱਸਿਆ ਕਿ ਮੋਟਰਾਈਜ਼ਡ ਟਰਾਈਸਾਇਕਲ ਸਿਰਫ 80% ਤੋਂ ਵੱਧ ਦਿਵਿਆਗਤਾ ਹੋਣ ਦੀ ਸੂਰਤ ਵਿੱਚ ਹੀ ਮਹੁਈਆ ਕਰਵਾਈ ਜਾਵੇਗੀ। ਉਨ੍ਹਾਂ ਬਲਾਕ ਮਹਿਲ ਕਲਾਂ ਅਤੇ ਸ਼ਹਿਣਾ ਦੇ ਦਿਵਿਆਂਗਜਨ ਵਿਅਕਤੀਆਂ ਨੂੰ 5 ਅਤੇ 6 ਦਸੰਬਰ ਨੂੰ ਲੱਗਣ ਵਾਲੇ ਕੈਂਪਾਂ ਦਾ ਲਾਭ ਲੈਣ ਦਾ ਸੱਦਾ ਦਿੱਤਾ।

SHAHEED BABA NIHAL SINGH CHARITABLE HOSPITAL
Near Gurudwara Talhan, VPO-Talhan, Distt. Jalandhar, Ph. 0181-2770808
Ambulance Service 24hrs.
FACILITIES AVAILABLE
Free Medicine for 9am to 5pm

JSDC GROUP ਜਲੰਧਰ ਸਕਿਲ ਡਿਵੈਲਪਮੈਂਟ ਕਾਰਪੋਰੇਸ਼ਨ
82880 21797
82880 21798
WWW.JSDCGROUP.COM
JSDC GROUP - INDIA

INNOCENT HEARTS GROUP OF INSTITUTIONS
Learning Today... Leading Tomorrow !
150+ Placements
18+ MOUs with Industries
upto 100% Scholarship Schemes
Offering 20+ Programmes
Management | Commerce | Information Technology
Hospitality | Medical Lab | Healthcare Sciences
Enroll for Session 2023-24
1800-833-4600
87250-33447
www.ihgi.in

St. Soldier GROUP OF INSTITUTIONS
SINCE 1958
64 YEARS EDUCATIONAL EXCELLENCE
CANADIAN PATHWAY PROGRAMS
FREE BUS SERVICE FOR ALL COLLEGE STUDENTS FOR ALL ROUTES
ENGINEERING
HOTEL MANAGEMENT
MANAGEMENT & COMMERCE
DEGREE COURSES
PARAMEDICAL COURSES
POLYTECHNIC DIPLOMA
MEDIA & FASHION
INFORMATION TECHNOLOGY
LAW
TEACHER / PHYSICAL EDUCATION
NURSING TRAINING
ARCHITECTURE
INDUSTRIAL TRAINING INSTITUTE
www.stsoldiergroup.com
CORP. OFFICE : 680-L MODEL TOWN, JALANDHAR.
M: 9814003681 | 9814003652 | 9814345025 | 9914464565